# ਪੰਜਾਬ ਸਰਕਾਰ
## ਸਿਹਤ ਤੇ ਪਰਿਵਾਰ ਭਲਾਈ ਵਿਭਾਗ
## (ਐਨਐਚਐਮ, ਪੰਜਾਬ)

ਨੰ. ਐਮਡੀ/ਐਨਐਚਐਮ/2020/3290(ਆਰ)-3295(ਆਰ) ਮਿਤੀ, ਚੰਡੀਗੜ੍ਹ, 6 ਮਈ, 2020

ਸੇਵਾ ਵਿਖੇ

1. ਪ੍ਰਮੁੱਖ ਸਕੱਤਰ, ਟਰਾਂਸਪੋਰਟ, ਪੰਜਾਬ।
2. ਸਮੂਹ ਡਿਵੀਜ਼ਨਲ ਕਮਿਸ਼ਨਰਜ਼, ਪੰਜਾਬ।
3. ਸਟੇਟ ਟਰਾਂਸਪੋਰਟ ਕਮਿਸ਼ਨਰਜ਼, ਪੰਜਾਬ।
4. ਡਾਇਰੈਕਟਰ, ਸਟੇਟ ਟਰਾਂਸਪੋਰਟ, ਪੰਜਾਬ।
5. ਮੈਨੇਜਿੰਗ ਡਾਇਰੈਕਟਰ, ਪੀਆਰਟੀਸੀ।
6. ਸਮੂਹ ਡਿਪਟੀ ਕਮਿਸ਼ਨਰਜ਼, ਪੰਜਾਬ।

**ਵਿਸ਼ਾ: ਕੋਵਿਡ-19 ਮਹਾਂਮਾਰੀ ਦੌਰਾਨ ਸੂਬਾ ਸਰਕਾਰ ਅਧੀਨ ਸਟੇਟ ਟਰਾਂਸਪੋਰਟ ਅਦਾਰੇ (ਪੰਜਾਬ ਰੋਡਵੇਜ/ਪੀਆਰਟੀਸੀ/ਪਨਬਸ) ਅਤੇ ਪ੍ਰਾਈਵੇਟ ਬੱਸਾਂ ਤੇ ਪ੍ਰਵਾਸੀਆਂ/ਹੋਰ ਸਵਾਰੀਆਂ ਦੀ ਸਾਫ਼-ਸਫ਼ਾਈ ਅਤੇ ਸੰਭਾਲ ਲਈ ਸਲਾਹ।**

ਪੰਜਾਬ ਸਰਕਾਰ ਦੇ ਗ੍ਰਹਿ ਵਿਭਾਗ ਵੱਲੋਂ ਆਪਣੇ ਪੱਤਰ ਨੰਬਰ ਐੱਸਐੱਸ/ਏਸੀਐੱਸਐੱਚ/2020/355 ਮਿਤੀ 04/05/2020 ਅਨੁਸਾਰ ਅੰਤਰ-ਜ਼ਿਲ੍ਹਾ ਅਤੇ ਜ਼ਿਲ੍ਹੇ ਦੇ ਅੰਦਰ ਵੀ ਬੱਸਾਂ ਚਲਾਉਣ ਤੇ ਰੋਕ ਲਗਾਈ ਗਈ ਹੈ। ਵਿਭਾਗ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਕਿਸੇ ਵੀ ਮਕਸਦ ਲਈ ਆਪਣੀਆਂ ਅਤੇ ਪ੍ਰਾਈਵੇਟ ਬੱਸਾਂ ਨੂੰ ਚਲਾਉਣ ਦੀ ਮੰਜ਼ੂਰੀ ਦੇਣ ਤੋਂ ਪਹਿਲਾਂ ਗ੍ਰਹਿ ਵਿਭਾਗ ਪੰਜਾਬ ਸਰਕਾਰ ਤੋਂ ਪ੍ਰਵਾਨਗੀ ਲੈਣਾ ਯਕੀਨੀ ਬਣਾਉਣ। ਪੰਜਾਬ ਸਰਕਾਰ ਵੱਲੋਂ ਮੰਜ਼ੂਰੀ ਪ੍ਰਾਪਤ ਕਰਨ ਉਪਰੰਤ ਬੱਸਾਂ ਨੂੰ ਚਲਾਉਣ ਬਾਰੇ ਸੰਬੰਧੀ ਵਿਭਾਗ ਵੱਲੋਂ ਪ੍ਰਾਪਤ ਬੇਨਤੀ ਦੇ ਆਧਾਰ ਤੇ ਹੇਠਾਂ ਲਿਖੀ ਐਡਵਾਈਜ਼ਰੀ ਜਾਰੀ ਕੀਤੀ ਜਾਂਦੀ ਹੈ:

ਕੋਰੋਨਾ ਵਾਇਰਸ (ਕੋਵਿਡ-19) ਸਿਸਟਮਿਕ ਬਿਮਾਰੀ ਹੈ, ਜੋ ਨੋਵਲ ਕੋਰੋਨਾ ਵਾਇਰਸ (SARS-CoV-2) ਨਾਲ ਹੁੰਦੀ ਹੈ ਅਤੇ ਜ਼ਿਆਦਾਤਰ ਮੌਕਿਆਂ ਤੇ ਛਿੱਕਾਂ ਤੇ ਖੰਘ ਦੇ ਛਿੱਟਿਆਂ ਰਾਹੀਂ ਸਾਹ ਜ਼ਰੀਏ ਅੰਦਰ ਜਾਣ ਨਾਲ, ਪੀੜ੍ਹਤ ਵਿਅਕਤੀ ਦੇ ਸੰਪਰਕ ਵਿੱਚ ਆਉਣ ਨਾਲ ਅਤੇ ਸੰਕ੍ਰਮਿਤ ਚੀਜ਼ਾਂ/ਵਸਤੂਆਂ ਨੂੰ ਛੂਹਣ ਨਾਲ ਫ਼ੈਲਦੀ ਹੈ। ਹਾਲਾਂਕਿ ਇਹ ਵਾਇਰਸ ਵੱਖ-ਵੱਖ ਸਤਿਹਾਂ ਉਪਰ ਵੱਖ-ਵੱਖ ਸਮੇਂ ਤੱਕ ਜੀਵਿਤ ਰਹਿੰਦਾ ਹੈ, ਪਰ ਕੈਮੀਕਲ ਡਿਸਇਨਫੈਕਟੈਂਟ ਨਾਲ ਇਹ ਆਸਾਨੀ ਨਾਲ ਖ਼ਤਮ ਹੋ ਜਾਂਦਾ ਹੈ। ਇਸ ਲਈ ਜੇਕਰ ਸਹੀ ਅਤੇ ਸਮੇਂ ਤੇ ਜਾਣਕਾਰੀ ਹੋਵੇ ਤਾਂ ਕੋਰੋਨਾ ਵਾਇਰਸ ਮਹਾਂਮਾਰੀ ਨੂੰ ਰੋਕਿਆ ਜਾ ਸਕਦਾ ਹੈ।

ਪੰਜਾਬ ਸਰਕਾਰ ਵੱਲੋਂ ਕੋਵਿਡ-19 ਮਹਾਂਮਾਰੀ ਦੌਰਾਨ ਲੋਕ ਹਿੱਤਾਂ ਨੂੰ ਮੁੱਖ ਰੱਖਦੇ ਹੋਏ ਸਾਰੇ 22 ਜ਼ਿਲ੍ਹਿਆਂ ਵਿੱਚ ਕਰਫਿਊ ਲਗਾ ਕੇ ਇੱਕ ਵਿਅਕਤੀ ਤੋਂ ਦੂਜੇ ਵਿਅਕਤੀ ਤੱਕ ਕੋਰੋਨਾ ਵਾਇਰਸ ਦੇ ਫੈਲਾਅ ਨੂੰ ਰੋਕਣ ਲਈ ਲੋਕਾਂ ਦੇ ਬਾਹਰ ਘੁੰਮਣ ਤੇ ਸਖ਼ਤ ਪਾਬੰਦੀਆਂ ਲਗਾਈਆਂ ਗਈਆਂ ਹਨ।

ਗ੍ਰਹਿ ਮੰਤਰਾਲਿਆ ਭਾਰਤ ਸਰਕਾਰ ਵੱਲੋਂ ਆਪਣੇ ਪੱਤਰ ਨੰਬਰ 40-3/2020- ਡੀਐੱਮ -1 (ਏ) ਮਿਤੀ 29/04/2020 ਅਤੇ ਨਾਲ ਹੀ ਡੀਓ 40-10/2020- ਡੀਐੱਮ -1 (ਏ) ਮਿਤੀ 03/05/2020 ਅਨੁਸਾਰ ਪ੍ਰਵਾਸੀ ਵਰਕਰਾਂ, ਸ਼ਰਧਾਲੂਆਂ, ਘੁੰਮਣ ਗਏ ਯਾਤਰੀਆਂ, ਵਿਦਿਆਰਥੀਆਂ ਅਤੇ ਹੋਰ ਅਜਿਹੇ ਲੋਕਾਂ, ਜੋ ਕਿ ਆਪਣੇ ਰਹਿਣ/ਕੰਮ ਦੇ ਸਥਾਨ ਤੋਂ ਦੂਰ ਗਏ ਹੋਏ ਸਨ ਅਤੇ ਲਾਕਡਾਊਨ ਕਾਰਨ ਉੱਥੇ ਫੱਸ ਗਏ ਸਨ। ਉਨ੍ਹਾਂ ਨੂੰ ਆਉਣ-ਜਾਣ ਦੀ ਮੰਜੂਰੀ ਦਿੱਤੀ ਗਈ ਹੈ। ਇਸ ਲਈ ਜ਼ਰੂਰੀ ਹੈ ਕਿ ਇਨ੍ਹਾਂ ਪ੍ਰਵਾਸੀ ਵਰਕਰਾਂ, ਸ਼ਰਧਾਲੂਆਂ, ਘੁੰਮਣ ਗਈਆਂ ਸਵਾਰੀਆਂ, ਵਿਦਿਆਰਥੀਆਂ ਅਤੇ ਇਨ੍ਹਾਂ ਨੂੰ ਰੇਲਵੇ ਸਟੇਸ਼ਨ ਜਾਂ ਉਨ੍ਹਾਂ ਦੇ ਸਥਾਨ ਤੇ ਛੱਡਣ ਜਾਣ (ਜੇਕਰ ਪ੍ਰਵਾਨਗੀ ਹੈ ਤਾਂ) ਵਾਲੇ ਡਰਾਈਵਰਾਂ/ਕੰਡਕਟਰਾਂ ਵੱਲੋਂ ਕੋਵਿਡ-19 ਦੇ ਫੈਲਾਅ ਨੂੰ ਰੋਕਣ ਲਈ ਹੇਠ ਲਿਖੀਆਂ ਹਿਦਾਇਤਾਂ/ਸਾਵਧਾਨੀਆਂ ਦੀ ਪਾਲਣਾ ਕੀਤੀ ਜਾਵੇ।

**ੳ) ਆਮ ਸਲਾਹਾਂ:**

1. ਪ੍ਰਵਾਸੀ ਵਰਕਰਾਂ, ਸ਼ਰਧਾਲੂਆਂ, ਘੁੰਮਣ ਗਏ ਯਾਤਰੀਆਂ, ਵਿਦਿਆਰਥੀਆਂ ਅਤੇ ਹੋਰ ਅਜਿਹੇ ਲੋਕ ਜੋ ਕਿ ਆਪਣੇ ਜੱਦੀ/ਕੰਮ ਦੇ ਸਥਾਨ ਤੋਂ ਲਾਕਡਾਊਨ ਤੋਂ ਪਹਿਲਾਂ ਦੂਰ ਗਏ ਸਨ ਅਤੇ ਲਾਕਡਾਊਨ ਕਾਰਨ ਉੱਥੇ ਹੀ ਫਸ ਗਏ ਸਨ। ਉਨ੍ਹਾਂ ਨੂੰ ਸਰਕਾਰ ਵੱਲੋਂ ਨਿਰਧਾਰਿਤ ਸਥਾਨ ਜਿਵੇਂ ਕਿ ਸਥਾਨਕ ਰੇਲਵੇ ਸਟੇਸ਼ਨ ਜਾਂ ਹੋਰ ਰਾਜ/ਜ਼ਿਲ੍ਹਾ ਆਦਿ ਤੇ ਭੇਜਣ ਲਈ ਸਿਰਫ ਲੋੜੀਂਦੀ ਗਿਣਤੀ ਵਿਚ ਬੱਸਾਂ ਚਲਾਈਆਂ ਜਾਣਗੀਆਂ।

2. ਟਰਾਂਸਪੋਰਟ ਅਥਾਰਟੀ ਵੱਲੋਂ ਇਸ ਹਿਸਾਬ ਨਾਲ ਯੋਜਨਾ ਬਣਾਈ ਜਾਵੇ ਕਿ ਇਨ੍ਹਾਂ ਪ੍ਰਵਾਸੀ ਸਵਾਰੀਆਂ ਦੀ ਟਰਾਂਸਪੋਰਟੇਸ਼ਨ ਲਈ ਕੇਵਲ ਲੋੜੀਂਦੇ ਸਟਾਫ/ਮੈਨਪਾਵਰ ਦੀ ਡਿਊਟੀ ਲਗਾਈ ਜਾਵੇ। ਇਸ ਤੋਂ ਇਲਾਵਾ ਇਹ ਯਕੀਨੀ ਬਣਾਇਆ ਜਾਵੇ ਕਿ ਅਜਿਹਾ ਸਟਾਫ/ਮੈਨਪਾਵਰ, ਜੋ ਕਿ ਇਨ੍ਹਾਂ ਪ੍ਰਵਾਸੀਆਂ ਨੂੰ ਨਿਰਧਾਰਿਤ ਸਥਾਨ ਤੇ ਛੱਡਣ ਜਾ ਰਿਹਾ ਹੈ, ਉਨ੍ਹਾਂ ਦੀ ਸਫ਼ਰ ਤੋਂ ਪਹਿਲਾਂ ਅਤੇ ਸਫ਼ਰ ਤੋਂ ਬਾਅਦ ਮੈਡੀਕਲ ਜਾਂਚ ਕਰਵਾਉਣਾ ਲਾਜਮੀ ਹੋਵੇਗਾ।

3. ਟਰਾਂਸਪੋਰਟ ਅਥਾਰਟੀ ਵੱਲੋਂ ਸਥਾਨਕ ਸਿਹਤ ਵਿਭਾਗ ਦੇ ਸਹਿਯੋਗ ਨਾਲ ਸਟਾਫ/ਮੈਨਪਾਵਰ ਨੂੰ ਕੋਵਿਡ-19 ਬਾਰੇ ਜਾਗਰੂਕਤ ਕਰਨ ਲਈ ਮੁਹਿੰਮ ਚਲਾਈ ਜਾਵੇ। ਇਸ ਦਾ ਉਦੇਸ਼ ਹੈ ਕਿ ਉਹ ਆਪਣੀ ਸਿਹਤ ਪ੍ਰਤੀ ਖ਼ੁਦ ਸੁਚੇਤ ਰਹਿਣ ਦੇ ਨਾਲ ਹੀ ਜੇਕਰ ਕਿਸੇ ਸਵਾਰੀ ਵਿੱਚ ਲੱਛਣ ਸਾਹਮਣੇ ਆਉਂਦੇ ਹਨ ਤਾਂ ਉਸ ਬਾਰੇ ਵੀ ਸੂਚਨਾ ਦੇ ਸਕਣ।

4. ਸਫ਼ਰ ਦੌਰਾਨ ਕਿਸੇ ਵੀ ਹਾਲ ਵਿੱਚ ਬੱਸ 'ਚ ਬੈਠਣ ਦੀ ਸਮਰੱਥਾ ਅਨੁਸਾਰ 50 ਪ੍ਰਤੀਸ਼ਤ ਤੋਂ ਜ਼ਿਆਦਾ ਸਵਾਰੀਆਂ ਨਹੀਂ ਹੋਣੀਆਂ ਚਾਹੀਦੀਆਂ ਅਤੇ ਹਰੇਕ ਵਿਚਕਾਰ ਯਾਤਰਾ ਦੌਰਾਨ, ਚੜ੍ਹਨ ਸਮੇਂ, ਬੈਠਣ ਸਮੇਂ ਅਤੇ ਬੱਸ ਤੋਂ ਉਤਰਨ ਸਮੇਂ 1 ਮੀਟਰ ਦੀ ਸਮਾਜਿਕ ਦੂਰੀ ਦੇ ਨਿਯਮਾਂ ਦੀ ਸਖਤੀ ਨਾਲ ਪਾਲਣਾ ਕੀਤੀ ਜਾਵੇ। ਇਸਦੇ ਨਾਲ ਹੀ ਯਾਤਰੀਆਂ ਨੂੰ ਸਲਾਹ ਦਿੱਤੀ ਜਾਵੇ ਕਿ ਉਹ ਇੱਕ ਦੂਜੇ ਤੋਂ ਸੀਟਾਂ ਛੱਡ ਕੇ ਖਿੜਕੀ/ਵਿਚਕਾਰ/ਕਿਨਾਰੇ ਤੇ ਬੈਠਣਾ ਯਕੀਨੀ ਬਣਾਉਣ।

5. ਟਰਾਂਸਪੋਰਟ ਅਥਾਰਟੀ ਵੱਲੋਂ ਜ਼ਿਲ੍ਹਾ ਪ੍ਰਸਾਸ਼ਨ ਦੇ ਸਹਿਯੋਗ ਨਾਲ ਪਿਕਅੱਪ/ਸਟਾਰਟ ਪੁਆਇੰਟ, ਮੰਜਿਲ, ਰੂਟ, ਬੱਸਾਂ ਦੀ ਗਿਣਤੀ/ਗੇੜੇ ਆਦਿ ਅਨੁਸਾਰ ਜਿਨ੍ਹਾਂ ਪ੍ਰਵਾਸੀਆਂ ਨੇ ਵਾਪਿਸ ਜਾਣ ਲਈ (www.covidhelp.punjab.gov.in) ਇੱਛਾ ਜ਼ਾਹਿਰ ਕੀਤੀ ਹੈ, ਉਨ੍ਹਾਂ ਦੀ ਗਿਣਤੀ ਅਨੁਸਾਰ, ਬੈਠਣ ਦੀ ਸਮਰੱਥਾ ਮੁਤਾਬਿਕ ਉਪਰੋਕਤ ਦੱਸੇ ਗਏ ਨਿਯਮਾਂ, ਦੂਰੀ ਆਦਿ ਅਤੇ ਜੇਕਰ ਕੋਈ ਰੁਕਣ ਦਾ ਸਥਾਨ ਹੈ ਤਾਂ ਇਹਨਾਂ ਨੂੰ ਸਪੱਸ਼ਟ ਦਰਸਾਇਆ ਜਾਵੇ।

6. ਯਾਤਰਾ ਕਰਨ ਵਾਲੇ ਪ੍ਰਵਾਸੀਆਂ ਨੂੰ ਸ਼ੁਰੂਆਤ ਸਥਾਨ, ਰਿਪੋਰਟਿੰਗ ਸਮਾਂ, ਕਿਰਾਇਆ, ਜੇਕਰ ਕੋਈ ਹੈ ਤਾਂ ਇਸ ਬਾਰੇ ਯਾਤਰਾ ਤੋਂ ਘੱਟੋ-ਘੱਟ ਇੱਕ ਦਿਨ ਪਹਿਲਾਂ ਐੱਸ.ਐੱਮ.ਐੱਸ. ਰਾਹੀਂ ਸੂਚਿਤ ਕੀਤਾ ਜਾਵੇ।

7. ਬੱਸ ਸਟੈਂਡ / ਬੱਸ ਦੇ ਪ੍ਰਵੇਸ਼ ਦੁਆਰ ਤੇ ਥਰਮਲ ਟੈਂਪਰੇਚਰ ਸਕੈਨਰ ਲਗਾਉਣਾ ਜ਼ਰੂਰੀ ਹੈ ਤਾਂ ਜੋ ਤੇਜ਼ ਬੁਖ਼ਾਰ ਨਾਲ ਪੀੜ੍ਹਤ ਕਰਮਚਾਰੀਆਂ ਦੀ ਸਕਰੀਨਿੰਗ ਕੀਤੀ ਜਾ ਸਕੇ। ਮਨੁੱਖੀ ਸ਼ਰੀਰ ਦਾ ਆਮ ਤਾਪਮਾਨ 97.7 ਤੋਂ 99.5 ਡਿਗਰੀ ਫਾਰਨਹਾਈਟ ਜਾਂ 36.5 ਤੋਂ 37.5 ਡਿਗਰੀ ਸੈਂਟੀਗ੍ਰੇਡ ਹੁੰਦਾ ਹੈ।

8. ਟਰਾਂਸਪੋਰਟ ਅਥਾਰਟੀ ਨੂੰ ਇਹ ਸਲਾਹ ਦਿੱਤੀ ਜਾਂਦੀ ਹੈ ਕਿ ਬੱਸ ਸਟੈਂਡ/ਸਰਵਿਸ ਸਟੇਸ਼ਨ/ ਵਰਕਸ਼ਾਪ ਆਦਿ ਥਾਵਾਂ ਤੇ ਪੈਰਾਂ ਨਾਲ ਚੱਲਣ ਵਾਲੇ ਹੈਂਡ-ਵਾਸ਼ਿੰਗ ਸਟੇਸ਼ਨ ਲਗਵਾਉਣ। ਇਸਦੇ ਨਾਲ ਹੀ ਸਟਾਫ/ਯਾਤਰੀਆਂ ਦੇ ਹੱਥ ਧੋਣ ਸਮੇਂ 1 ਮੀਟਰ ਦੇ ਸਮਾਜਿਕ ਦੂਰੀ ਦੇ ਨਿਯਮਾਂ ਦੀ ਪੂਰੀ ਤਰ੍ਹਾਂ ਪਾਲਣਾ ਕੀਤੀ ਜਾਵੇ ਅਤੇ 1 ਮੀਟਰ ਦੀ ਦੂਰੀ ਨਿਰਧਾਰਿਤ ਕਰਨ ਲਈ ਹੈਂਡ-ਵਾਸ਼ਿੰਗ ਸਟੇਸ਼ਨ ਦੇ ਸਾਹਮਣੇ ਚੋਰਸ/ਚੱਕਰ ਲਗਾ ਕੇ ਨਿਸ਼ਾਨਦੇਹੀ ਕੀਤੀ ਜਾਵੇ।

9. ਸਾਰੇ ਭੀੜ੍ਹ-ਭਾੜ੍ਹ ਵਾਲੇ ਸਥਾਨਾਂ ਜਿਵੇਂ ਕਿ ਪ੍ਰਵੇਸ਼ ਦੁਆਰ, ਵਾਟਰ ਕੂਲਰ ਅਤੇ ਕੰਟੀਨ/ਦੁਕਾਨ (ਜੇਕਰ ਖੁੱਲੀਆਂ ਹਨ) ਆਦਿ ਤੇ ਸਮਾਜਿਕ ਦੂਰੀ ਬਣਾਏ ਰੱਖਣ ਲਈ ਨਿਸ਼ਾਨਦੇਹੀ ਕੀਤੀ ਜਾਵੇ। ਵਾਟਰ ਟੈਂਕਾਂ/ਕੂਲਰਾਂ ਨੂੰ ਸਮੇਂ ਸਮੇਂ ਤੇ ਸਾਫ ਕਰਕੇ ਸੰਭਾਲ ਕੀਤੀ ਜਾਵੇ।

10. ਬੱਸਾਂ ਵਿਚ ਚੜ੍ਹਨ ਦੇ ਸਥਾਨ ਤੇ ਯਾਤਰੀਆਂ ਵਿਚਕਾਰ ਸਮਾਜਿਕ ਦੂਰੀ ਬਣਾਏ ਰੱਖਣ ਲਈ 1 ਮੀਟਰ ਦੀ ਦੂਰੀ ਤੇ ਅਸਥਾਈ ਕਾਊਂਟਰ/ ਚੋਰਸ/ਚੱਕਰ ਆਦਿ ਢੰਗ ਨਾਲ ਨਿਸ਼ਾਨਦੇਹੀ ਕੀਤੀ ਜਾਵੇ।

11. ਟਿਕਟ ਖਰੀਦਣ ਅਤੇ ਬੱਸ ਵਿੱਚ ਚੜ੍ਹਨ ਲਈ 60 ਸਾਲ ਤੋਂ ਉੱਪਰ ਬਜ਼ੁਰਗਾਂ/ ਵੱਡੀ ਉਮਰ ਦੇ ਲੋਕਾਂ ਵਾਸਤੇ ਵੱਖਰੀ ਲਾਈਨ ਬਣਾਈ ਜਾਵੇ, ਕਿਉਂਕਿ ਉਨ੍ਹਾਂ ਨੂੰ ਬਿਮਾਰੀ ਦਾ ਖ਼ਤਰਾ ਜ਼ਿਆਦਾ ਹੈ ।

12. ਟਰਾਂਸਪੋਰਟ ਅਥਾਰਟੀ ਵੱਲੋਂ ਬੱਸਾਂ ਵਿਚ ਚੜ੍ਹਨ ਤੋਂ ਪਹਿਲਾਂ ਹੀ ਯਾਤਰੀਆਂ ਦੀਆਂ ਟਿਕਟਾਂ ਕੱਟੀਆਂ ਜਾਣ। ਟਿਕਟ ਕੱਟਣ ਵਾਲੇ ਮੁਲਾਜਮ/ਕੰਡਕਟਰ ਵੱਲੋਂ ਟਿਕਟਾਂ ਕੱਟਣ ਤੋਂ ਬਾਅਦ ਅਤੇ ਬੱਸ ਚੜ੍ਹਨ ਤੋਂ ਪਹਿਲਾਂ ਸਾਬਣ ਤੇ ਪਾਣੀ ਨਾਲ ਹੱਥ ਧੋਤੇ ਜਾਣ।

13. ਜਿਥੋਂ ਤੱਕ ਸੰਭਵ ਹੋਵੇ ਡਿਜੀਟਲ ਪੇਮੈਂਟ ਕਰਨ ਲਈ ਪ੍ਰੇਰਿਤ ਕੀਤਾ ਜਾਵੇ।

14. ਟਰਾਂਸਪੋਰਟ ਅਥਾਰਟੀ ਵੱਲੋਂ ਸਟਾਫ/ਮੈਨਪਾਵਰ ਨੂੰ ਸਹੀ ਤੇ ਪੁਖ਼ਤਾ ਜਾਣਕਾਰੀ ਲਈ ਪੰਜਾਬ ਸਰਕਾਰ ਵੱਲੋਂ ਬਣਾਈ ਗਈ ਕੋਵਾ ਐਪ ਨੂੰ ਡਾਊਨਲੋਡ ਕਰਨ ਲਈ ਪ੍ਰੇਰਿਤ ਕੀਤਾ ਜਾਵੇ।

15. **ਦਫ਼ਤਰ/ਬੱਸ ਸਟੈਂਡ/ ਬੱਸਾਂ ਨੂੰ ਰੋਗਾਣੂ ਮੁਕਤ ਕਰਨਾ (ਡਿਸਇਨਫੈਕਸ਼ਨ)**

**ਅੰਦਰੂਨੀ ਸਥਾਨ**: ਅੰਦਰੂਨੀ ਖੇਤਰ ਜਿਵੇਂ ਕਿ ਦਫ਼ਤਰੀ ਥਾਵਾਂ, ਟਿਕਟ ਬੂਥ, ਉਡੀਕ ਘਰ ਆਦਿ ਨੂੰ ਹਰ ਸ਼ਾਮ ਦਫ਼ਤਰੀ ਸਮੇਂ ਤੋਂ ਬਾਅਦ ਜਾਂ ਜਲਦੀ ਸਵੇਰ ਸਮੇਂ ਸਾਫ਼ ਕੀਤਾ ਜਾਵੇ। ਜੇਕਰ ਕੋਈ ਵੀ ਸਤਿਹ ਤੇ ਗੰਦਗੀ ਦਿਖਾਈ ਦਿੰਦੀ ਹੈ ਤਾਂ ਇਸ ਨੂੰ ਸਾਬਣ ਤੇ ਪਾਣੀ ਨਾਲ ਸਾਫ਼ ਕਰਨ ਤੋਂ ਬਾਅਦ ਡਿਸਇਨਫੈਕਟ ਕੀਤਾ ਜਾਵੇ। ਸਫ਼ਾਈ ਕਰਨ ਤੋਂ ਪਹਿਲਾਂ ਵਰਕਰ ਵੱਲੋਂ ਡਿਸਪੋਜ਼ੇਬਲ ਰਬੜ ਬੂਟ, ਦਸਤਾਨੇ (ਹੈਵੀ ਡਿਊਟੀ), ਕੱਪੜੇ ਦਾ ਮਾਸਕ ਪਹਿਨਿਆ ਜਾਵੇ।

- ਸਾਫ਼ ਸਥਾਨਾਂ ਤੋਂ ਸਫ਼ਾਈ ਸ਼ੁਰੂ ਕੀਤੀ ਜਾਵੇ, ਜਿਸ ਤੋਂ ਬਾਅਦ ਜ਼ਿਆਦਾ ਗੰਦਗੀ ਵਾਲੇ ਖੇਤਰਾਂ ਵੱਲ ਸਫ਼ਾਈ ਕੀਤੀ ਜਾਵੇ।
- ਸਾਰੇ ਅੰਦਰੂਨੀ ਖੇਤਰ ਜਿਵੇਂ ਕਿ ਪ੍ਰਵੇਸ਼ ਲਾਬੀ, ਕੋਰੀਡੋਰ ਤੇ ਪੌੜੀਆਂ, ਸਿਕਿਉਰਿਟੀ ਗਾਰਡ ਬੂਥ, ਦਫ਼ਤਰ ਦੇ ਕਮਰੇ, ਮੀਟਿੰਗ ਹਾਲ, ਕੈਫੇਟੇਰੀਆ ਆਦਿ ਨੂੰ 1 ਪ੍ਰਤੀਸ਼ਤ ਸੋਡੀਅਮ ਹਾਈਪੋਕੋਲੋਰਾਈਟ ਨਾਲ ਜਾਂ ਮਾਰਕਿਟ ਵਿੱਚ ਉਪਲਬੱਧ ਇਸ ਬਰਾਬਰ ਦੇ ਹੋਰ ਸਫ਼ਾਈ ਪ੍ਰੋਡਕਟ ਨਾਲ ਡਿਸਇਨਫੈਕਟ ਕੀਤਾ ਜਾਵੇ।
- ਜ਼ਿਆਦਾ ਛੂਹਣ ਵਾਲੀਆਂ ਵਸਤੂਆਂ ਜਿਵੇਂ ਕਿ ਹੈਂਡ ਰੇਲ/ ਹੈਂਡਲ ਅਤੇ ਕਾਲ ਬਟਨ, ਪਬਲਿਕ ਕਾਉਂਟਰ, ਇੰਟਰਕਾਮ ਸਿਸਟਮ, ਟੈਲੀਫੋਨ, ਪ੍ਰਿੰਟਰ/ਸਕੈਨਰ ਅਤੇ ਦਫ਼ਤਰ ਦੀਆਂ ਹੋਰ ਮਸ਼ੀਨਾਂ ਨੂੰ ਰੋਜ਼ਾਨਾ 2 ਵਾਰ ਸੋਡੀਅਮ ਹਾਈਪੋਕੋਲੋਰਾਈਟ ਸੋਲਿਉਸ਼ਨ (1 ਪ੍ਰਤੀਸ਼ਤ ) ਦੇ ਗਿੱਲੇ ਕੱਪੜੇ ਜਾਂ ਮਾਰਕਿਟ ਵਿੱਚ ਉਪਲਬੱਧ ਇਸ ਬਰਾਬਰ ਦੇ ਹੋਰ ਸਫ਼ਾਈ ਪ੍ਰੋਡਕਟ ਨਾਲ ਸਾਫ਼ ਕੀਤਾ ਜਾਵੇ। ਆਮ ਤੌਰ ਤੇ ਛੂਹੀਆਂ ਜਾਣ ਵਾਲੀਆਂ ਸਤਿਹਾਂ ਜਿਵੇਂ ਕਿ ਮੇਜ਼ ਦੀ ਉਪਰਲੀ ਸਤਿਹ, ਕੁਰਸੀਆਂ ਦੇ ਹੈਂਡਲ, ਪੈਨ, ਡਾਇਰੀ, ਫਾਈਲਾਂ, ਕੀ-ਬੋਰਡ, ਮਾਊਸ, ਮਾਊਸ ਪੈਡ, ਚਾਹ ਕਾਫੀ ਵਾਲੀ ਮਸ਼ੀਨ ਆਦਿ ਦੀ ਖ਼ਾਸ ਤੌਰ ਤੇ ਸਫ਼ਾਈ ਕੀਤੀ ਜਾਵੇ।
- ਧਾਤੂ ਦੀਆਂ ਵਸਤੂਆਂ ਜਿਵੇਂ ਕਿ ਦਰਵਾਜਿਆਂ ਦੇ ਹੈਂਡਲ, ਸਿਕਉਰਿਟੀ ਲੋਕ (ਜ਼ਿੰਦਰੇ), ਚਾਬੀਆਂ ਆਦਿ ਨੂੰ ਸਾਫ਼ ਕੀਤਾ ਜਾਵੇ। ਜੋ ਚੀਜ਼ਾਂ/ਸਤਿਹਾਂ ਨੂੰ ਬਲੀਚ ਪਾਊਡਰ ਨਾਲ ਸਾਫ਼ ਨਹੀਂ ਕੀਤਾ ਜਾ ਸਕਦਾ, ਉਨ੍ਹਾਂ ਨੂੰ 70 ਪ੍ਰਤੀਸ਼ਤ ਅਲਕੋਹਲ ਯੁਕਤ ਡਿਸਇਨਫੈਕਟੇਂਟ ਨਾਲ ਸਾਫ਼ ਕੀਤਾ ਜਾਵੇ।
- ਦਫ਼ਤਰੀ ਕਮਰੇ ਵਿੱਚ ਜੇਕਰ ਕੋਈ ਵਿਅਕਤੀ ਆਮ ਰੇਸਪੀਰੇਟਰੀ ਐਟੀਕੇਟਸ ਨੂੰ ਦਰਕਿਨਾਰ ਕਰਦੇ ਹੋਏ ਮੂੰਹ ਤੇ ਰੁਮਾਲ ਜਾਂ ਟਿਸ਼ੂ ਬਗੈਰ ਰੱਖੇ ਹੋਏ, ਜਾਂ ਬਿਨ੍ਹਾਂ ਮਾਸਕ ਪਹਿਨੇ ਖੰਘ ਰਿਹਾ ਹੋਵੇ ਤਾਂ ਤਾਂ ਉਸਦੀ ਸੀਟ ਅਤੇ ਆਸਪਾਸ ਦੀ ਥਾਂ ਨੂੰ 1 ਪ੍ਰਤੀਸ਼ਤ ਸੋਡੀਅਮ ਹਾਈਪੋਕਲੋਰਾਈਟ ਨਾਲ ਸਾਫ਼ ਕਰਵਾਇਆ ਜਾਵੇ।
- ਸਾਫ਼-ਸਫ਼ਾਈ ਲਈ ਵਰਤੇ ਗਏ ਸਮਾਨ ਨੂੰ ਵੀ ਇਸਤੇਮਾਲ ਤੋਂ ਬਾਅਦ ਸੁਰੱਖਿਅਤ ਢੰਗ ਨਾਲ ਸਾਫ਼ ਕੀਤਾ ਜਾਵੇ।

- ਸਫਾਈ ਕਰਮਚਾਰੀਆਂ ਵੱਲੋਂ ਸੁਰੱਖਿਆ ਲਈ ਪਹਿਨੇ ਗਏ ਪ੍ਰੋਟੈਕਟਿਵ ਗਿਅਰ ਨੂੰ ਨਿਯਮਿਤ ਢੰਗ ਨਾਲ ਨਸ਼ਟ ਕੀਤਾ ਜਾਵੇ।
- ਇਸਦੇ ਨਾਲ ਹੀ ਸਾਰੇ ਮੁਲਾਜਮਾਂ ਨੂੰ ਚਾਹੀਦਾ ਹੈ ਕਿ ਉਹ ਆਪਣੇ ਕੰਮ ਕਰਨ ਦੇ ਸਥਾਨ ਨੂੰ ਡਿਸਇਨਫੈਕਟਿੰਗ ਵਾਈਪ ਜਾਂ ਕੱਪੜੇ ਨਾਲ ਸਾਫ਼ ਕਰਨ ਅਤੇ ਇੱਕ ਦੂਜੇ ਤੋਂ ਇੱਕ ਸੀਟ ਛੱਡ ਕੇ ਬੈਠਣ, ਜੇਕਰ ਸੰਭਵ ਹੋਵੇ ਤਾਂ 2 ਸੀਟਾਂ ਛੱਡ ਕੇ ਬੈਠਣ।

**ਬੱਸਾਂ** :

- ਬੱਸਾਂ ਨੂੰ ਡਿਪੂ ਵਿਚ ਆਉਂਦੇ ਹੀ ਸੋਡੀਅਮ ਹਾਈਪੋਕਲੋਰਾਈਟ (1 ਪ੍ਰਤੀਸ਼ਤ) ਨਾਲ ਡਿਸਇਨਫੈਕਟ ਕੀਤਾ ਜਾਵੇ। ਡਿਸਇਨਫੈਕਟ ਕਰਨ ਉਪਰੰਤ ਅਤੇ ਯਾਤਰਾ ਸ਼ੁਰੂ ਕਰਨ ਤੋਂ ਪਹਿਲਾਂ 1 ਤੋਂ 1.5 ਘੰਟੇ ਦੇ ਸਮੇਂ ਦੇ ਅੰਤਰਾਲ ਨੂੰ ਧਿਆਨ ਵਿਚ ਰੱਖਿਆ ਜਾਵੇ।
- ਜ਼ਿਆਦਾ ਛੂਹਣ ਵਾਲੀਆਂ ਵਸਤੂਆਂ ਜਿਵੇਂ ਕਿ ਰੇਲਜ, ਪਿੱਲਰ, ਸੀਟਾਂ, ਆਰਮ ਰੈਸਟ, ਹੱਥਾਂ ਵਾਲੇ ਕੁੰਡੇ, ਸ਼ੀਸ਼ੇ ਆਦਿ ਨੂੰ ਸਫ਼ਰ ਤੋਂ ਪਹਿਲਾਂ 70 ਪ੍ਰਤੀਸ਼ਤ ਅਲਕੋਹਲ ਯੁਕਤ ਡਿਸਇਨਫੈਕਟੇਂਟ ਨਾਲ ਸਾਫ਼ ਕੀਤਾ ਜਾਵੇ।
- ਬੱਸਾਂ ਦੇ ਬਾਹਰੀ ਖੇਤਰ ਉਪਰ ਸਿੱਧੇ ਤੌਰ ਤੇ 1 ਪ੍ਰਤੀਸ਼ਤ ਹਾਈਪਕੋਲੋਰਾਈਟ ਸੋਡੀਅਮ ਨਾਲ ਹਾਈ ਪ੍ਰੈਸ਼ਰ ਮੋਟਰ ਪੰਪ ਰਾਹੀਂ ਸਪਰੇਅ ਕੀਤਾ ਜਾ ਸਕਦਾ ਹੈ।
- ਸੈਨੀਟੇਸ਼ਨ ਟੀਮ ਵੱਲੋ ਸਫਾਈ ਤੋਂ ਪਹਿਲਾਂ ਉਪਯੁਕਤ ਸੁਰੱਖਿਆ ਉਪਕਰਨ (ਮਾਸਕ, ਰਬੜ ਦੇ ਦਸਤਾਨੇ, ਐਨਕਾਂ ਆਦਿ) ਪਹਿਨੇ ਜਾਣ।
- ਡਰਾਈਵਰ ਸੀਟ ਅਤੇ ਯਾਤਰੀਆਂ ਵਿਚਕਾਰ ਪਲਾਸਟਿਕ/ਸੀਸ਼ੇ ਨਾਲ ਪਾਰਟੀਸ਼ਨ ਕਰਨ ਤੇ ਵਿਚਾਰ ਕੀਤਾ ਜਾਵੇ।

**ਬਾਹਰੀ ਖੇਤਰ** : ਅੰਦਰੂਨੀ ਖੇਤਰ ਦੇ ਮੁਕਾਬਲੇ ਬਾਹਰੀ ਖੇਤਰਾਂ ਵਿੱਚ ਹਵਾ ਦੇ ਵਹਾਅ ਅਤੇ ਧੁੱਪ ਦੇ ਕਾਰਣ ਖ਼ਤਰਾ ਘੱਟ ਹੈ। ਇਨ੍ਹਾਂ ਖੇਤਰਾਂ ਦੀ ਸਾਫ਼ ਸਫ਼ਾਈ ਅਤੇ ਡਿਸਇਨਫੈਕਸ਼ਨ ਪ੍ਰਕ੍ਰਿਆ ਦੌਰਾਨ ਜ਼ਿਆਦਾ ਛੂਹੀਆਂ ਜਾਣ ਵਾਲੀਆਂ/ਸੰਕ੍ਰਮਿਤ ਵਸਤੂਆਂ ਦੀ ਸਫ਼ਾਈ ਉੱਤੇ ਉਪਰੋਕਤ ਦਰਸਾਏ ਅਨੁਸਾਰ ਜ਼ਿਆਦਾ ਧਿਆਨ ਦਿੱਤਾ ਜਾਵੇ।

**ਦਫ਼ਤਰੀ / ਜਨਤਕ ਪਖਾਨੇ** : ਸਫ਼ਾਈ ਕਰਮਚਾਰੀਆਂ ਵੱਲੋਂ ਹਰ ਪਖਾਨੇ ਦੀ ਸਫ਼ਾਈ ਲਈ ਵੱਖਰੇ ਸਮਾਨ ਦੀ ਵਰਤੋਂ ਕੀਤੀ ਜਾਵੇ (ਜਿਵੇਂ ਕਿ ਪੋਚੇ, ਝਾੜੂ, ਨਾਈਲੋਨ ਸਕਰਬਰ ਆਦਿ) ਅਤੇ ਸਿੰਕ ਅਤੇ ਕੰਬੋਡ ਆਦਿ ਦੀ ਸਫ਼ਾਈ ਲਈ ਸਮਾਨ ਦੇ ਵੱਖਰੇ ਸੈੱਟ ਦੀ ਵਰਤੋਂ ਕੀਤੀ ਜਾਵੇ। ਪਖਾਨੇ ਦੀ ਸਫ਼ਾਈ ਕਰਨ ਦੌਰਾਨ ਸਫ਼ਾਈ ਕਰਮਚਾਰੀਆਂ ਵੱਲੋਂ ਹੱਥਾਂ ਤੇ ਡਿਸਪੋਜ਼ੇਬਲ ਦਸਤਾਨੇ ਪਹਿਨੇ ਜਾਣ। ਪਖਾਨਿਆਂ ਦੇ ਸਿੰਕ, ਕੰਮੋਡ, ਟੂਟੀਆਂ ਆਦਿ ਨੂੰ ਸਾਬਣ ਤੇ ਪਾਣੀ ਨਾਲ ਚੰਗੀ ਤਰ੍ਹਾਂ ਧੋਵੋ ਅਤੇ ਉਸਤੋਂ ਬਾਅਦ ਸੋਡੀਅਮ ਹਾਈਪੋਕਲੋਰਾਈਟ (1 ਪ੍ਰਤੀਸ਼ਤ) ਜਾਂ ਮਾਰਕਿਟ ਵਿੱਚ ਉਪਲਬੱਧ ਇਸ ਬਰਾਬਰ ਦੇ ਹੋਰ ਸਫ਼ਾਈ ਪ੍ਰੋਡਕਟ ਨਾਲ ਡਿਸਇਨਫੈਕਟ ਕੀਤਾ ਜਾਵੇ।

**ਅ) ਸਟਾਫ/ਮੈਨਪਾਵਰ ਲਈ ਸਲਾਹਾਂ:**

1. ਸਟਾਫ ਵੱਲੋਂ ਸਮਾਜਿਕ ਦੂਰੀ ਦੇ ਨਿਯਮਾਂ ਦੀ ਸਖਤੀ ਨਾਲ ਪਾਲਣਾ ਕੀਤੀ ਜਾਵੇ ਅਤੇ ਹਰ ਸਮੇਂ ਉਨ੍ਹਾਂ ਤੇ ਸਵਾਰੀਆਂ ਵਿਚਕਾਰ ਘੱਟੋ-ਘੱਟ 1 ਮੀਟਰ ਦੀ ਦੂਰੀ ਬਣਾ ਕੇ ਰੱਖੀ ਜਾਵੇ ।

2. ਸਟਾਫ/ਮੈਨਪਾਵਰ ਨੂੰ ਸਲਾਹ ਦਿੱਤੀ ਜਾਵੇ ਕਿ ਉਹ ਇੱਕ ਦੂਜੇ ਨਾਲ ਹੱਥ ਨਾ ਮਿਲਾਉਣ ਅਤੇ ਨਾ ਹੀ ਗਲੇ ਮਿਲਣ।

3. ਸਾਰੇ ਸਟਾਫ / ਮੈਨਪਾਵਰ ਨੂੰ ਸਲਾਹ ਦਿੱਤੀ ਜਾਵੇ ਕਿ ਉਹ ਬਿਨ੍ਹਾਂ ਵਜਾ ਤੋਂ ਡਿਪੂ/ਕਾਰੀਡੋਰ/ਬੱਸਾਂ ਰੁੱਕਣ ਦੇ ਸਥਾਨ ਤੇ ਇਧਰ-ਉਧਰ ਨਾ ਘੁੰਮਣ ਅਤੇ ਆਪਣੇ ਨਿਰਧਾਰਿਤ ਸਥਾਨ ਤੇ ਬੈਠ ਕੇ ਹੀ ਕੰਮ ਕਰਨ।

4. ਡਿਪੂ ਸਟਾਫ/ਡਰਾਈਵਰ/ਕੰਡਕਟਰ ਹਰ ਸਮੇਂ ਕੱਪੜੇ ਦਾ ਮਾਸਕ ਪਹਿਨ ਕੇ ਰੱਖਣ, ਘਰੋਂ ਨਿਕਲਣ ਤੋਂ ਪਹਿਲਾਂ ਹੀ ਕੱਪੜੇ ਦਾ ਮਾਸਕ ਪਹਿਨ ਲਿਆ ਜਾਵੇ ਅਤੇ ਸਫਰ ਦੌਰਾਨ ਤੇ ਘਰ ਵਾਪਸੀ ਤੱਕ ਇਸਨੂੰ ਪਹਿਨ ਕੇ ਰੱਖਿਆ ਜਾਵੇ।

5. ਮਾਸਕ ਇਸ ਢੰਗ ਨਾਲ ਪਹਿਨਿਆ ਜਾਵੇ ਕਿ ਨੱਕ ਤੇ ਮੂੰਹ ਚੰਗੀ ਤਰ੍ਹਾਂ ਢੱਕ ਜਾਵੇ ।

6. ਕੱਪੜੇ ਦੇ ਮਾਸਕ ਨੂੰ ਰੋਜ਼ਾਨਾ ਸਾਬਣ ਤੇ ਪਾਣੀ ਨਾਲ ਧੋ ਕੇ ਵਰਤਿਆ ਜਾਵੇ।

7. ਜਦੋਂ ਵੀ ਮੌਕਾ ਮਿਲੇ ਤਾਂ ਹੱਥਾਂ ਨੂੰ ਸਾਬਣ ਤੇ ਪਾਣੀ ਨਾਲ ਘੱਟੋ-ਘੱਟ 40 ਸੈਕਿੰਡ ਤੱਕ ਧੋਵੋ, ਹੱਥਾਂ ਦੀਆਂ ਤਲੀਆਂ, ਹੱਥਾਂ ਦਾ ਪਿੱਛਲਾ ਪਾਸਾ, ਉਂਗਲਾਂ ਤੇ ਅੰਗੂਠੇ ਦੇ ਵਿਚਕਾਰ ਦੀ ਜਗਾਂ ਤੇ ਗੁੱਟਾਂ ਨੂੰ ਚੰਗੀ ਤਰਾਂ ਰਗੜੋ। ਹਾਲਾਂਕਿ ਹਰੇਕ 2 ਘੰਟੇ ਬਾਅਦ ਹੱਥ ਧੋਣ ਦੀ ਸਲਾਹ ਦਿੱਤੀ ਜਾਂਦੀ ਹੈ। ਇਸਦੇ ਨਾਲ ਹੀ ਡਰਾਈਵਰ/ਕੰਡਕਟਰ ਵੱਲੋ ਯਾਤਰਾ ਸ਼ੁਰੂ ਕਰਨ ਤੋਂ ਪਹਿਲਾਂ ਅਤੇ ਮੰਜਿਲ ਤੇ ਪੁੱਜਣ ਦੇ ਬਾਅਦ (ਦੋਵੇਂ ਪਾਸੇ ਦੀ ਯਾਤਰਾ ਦੌਰਾਨ) ਹੱਥਾਂ ਨੂੰ ਜ਼ਰੂਰ ਧੋ ਲਿਆ ਜਾਵੇ।

8. ਬੱਸਾਂ ਵਿੱਚ ਹੱਥ ਸਾਫ਼ ਕਰਨ ਲਈ ਅਲਕੋਹਲ ਯੁਕਤ ਹੈਂਡ ਸੈਨੀਟਾਈਜ਼ਰ (ਘੱਟੋ-ਘੱਟ 70 ਪ੍ਰਤੀਸ਼ਤ ਇਥਾਈਲ ਅਲਕੋਹਲ) ਦਾ ਪ੍ਰਬੰਧ ਕੀਤਾ ਜਾਵੇ। ਸਮੇਂ-ਸਮੇਂ ਤੇ ਸੈਨੀਟਾਈਜ਼ਰਾਂ ਨੂੰ ਰੀ-ਫਿਲ ਜਾਂ ਬਦਲਿਆ ਜਾਵੇ। ਘੱਟੋ-ਘੱਟ 3 ਐਮਐਲ ਸੈਨੀਟਾਈਜ਼ਰ (ਲਗਭਗ 2 ਵਾਰ ਦਬਾ ਕੇ ਕੱਢੋ) ਸੁੱਕੇ ਹੱਥਾਂ ਤੇ ਲਗਾਓ ਅਤੇ ਘੱਟੋ-ਘੱਟ 30 ਸੈਕਿੰਡ ਤੱਕ ਮਲੋ।

9. ਜੇਕਰ ਹੱਥ ਸਾਫ਼ ਦਿਖਾਈ ਦੇ ਰਹੇ ਹੋਣ ਤਾਂ ਵੀ ਹੱਥਾਂ ਨੂੰ ਧੋਵੋ ਜਾਂ ਸੈਨੀਟਾਈਜ਼ ਕਰੋ।

10. ਡਰਾਈਵਰ ਤੇ ਕੰਡਕਟਰ ਉਪਲਬੱਧਤਾ ਅਨੁਸਾਰ ਹੱਥਾਂ ਨੂੰ ਸਾਬਣ ਅਤੇ ਪਾਣੀ ਨਾਲ ਜਾਂ ਸੈਨੀਟਾਈਜ਼ਰ ਨਾਲ ਸਾਫ਼ ਕਰਨ।

11. ਚਾਹ ਤੇ ਲੰਚ ਦੌਰਾਨ ਕਿਸੇ ਵੀ ਖਾਣ-ਪੀਣ ਦੀ ਵਸਤੂ ਨੂੰ ਛੂਹਣ ਤੋਂ ਪਹਿਲਾਂ ਡਰਾਈਵਰਾਂ/ ਕੰਡਕਟਰਾਂ ਵੱਲੋਂ ਹੱਥਾਂ ਨੂੰ ਨਿਯਮਿਤ ਤਰੀਕੇ ਨਾਲ ਧੋਣਾ/ਸੈਨੀਟਾਈਜ਼ ਕਰਨਾ ਯਕੀਨੀ ਬਣਾਇਆ ਜਾਵੇ।

12. ਡਰਾਈਵਰ ਅਤੇ ਕੰਡਕਟਰ ਵੱਲੋਂ ਕਿਸੇ ਵੀ ਸਵਾਰੀ ਜਾਂ ਸਾਥੀ ਸਟਾਫ ਨੂੰ ਛੂਹਿਆ ਨਾ ਜਾਵੇ।

13. ਡਰਾਈਵਰ/ ਕੰਡਕਟਰ ਨੂੰ ਸਲਾਹ ਦਿੱਤੀ ਜਾਵੇ ਕਿ ਉਹ ਰੁਕਣ/ਉਡੀਕ ਸਮੇਂ ਸਵਾਰੀਆਂ (ਉਤਾਰਨ ਜਾਂ ਚੜ੍ਹਾਉਣ ਸਮੇਂ) ਇਧਰ-ਉਧਰ ਨਾ ਘੁੰਮਣ ਅਤੇ ਕਿਸੇ ਸਤਿਹਾਂ/ਸਮਾਨ ਆਦਿ ਨੂੰ ਨਾ ਛੂਹਣ।

14. ਪੂਰੀ ਖ਼ੁਰਾਕ ਅਤੇ ਨੀਂਦ ਲਓ ।

15. ਡਰਾਈਵਰ/ਕੰਡਕਟਰ ਵਾਹਨ ਦੇ ਅੰਦਰ ਖਾਣਾ ਖਾਣ ਤੋਂ ਪਰਹੇਜ਼ ਕਰਨ ।

16. ਖਾਣਾ ਖਾਣ ਲਈ ਵਰਤੇ ਜਾਣ ਵਾਲੇ ਬਰਤਨਾਂ ਨੂੰ ਡਿਸ਼ਵਾਸ਼ ਬਾਰ/ਡਿਸ਼ਵਾਸ਼ ਲਿਕੁਇਡ ਅਤੇ ਪਾਣੀ ਨਾਲ ਧੋਵੋ।

17. ਬਰਤਨ ਕਿਸੇ ਹੋਰ ਨਾਲ ਸਾਂਝੇ ਨਾ ਕਰੋ।

18. ਡਰਾਈਵਰ/ਕੰਡਕਟਰ ਬੱਸ ਅੰਦਰ ਜਾਂ ਕਿਸੇ ਹੋਰ ਖੁੱਲੇ ਸਥਾਨ ਤੇ ਨਾ ਥੁੱਕਣ।

19. ਡਰਾਈਵਰ/ ਕੰਡਕਟਰ ਵੱਲੋਂ ਧੂਮਰਪਾਨ ਜਾਂ ਤੰਬਾਕੂ ਆਧਾਰਿਤ ਚੀਜ਼ਾਂ ਜਿਵੇਂ ਕਿ ਗੁਟਕਾ, ਪਾਨ ਮਸਾਲਾ ਜਾਂ ਕੋਈ ਹੋਰ ਨਸ਼ਾ ਆਦਿ ਦਾ ਵਾਹਨ ਅੰਦਰ ਜਾਂ ਉਂਝ ਵੀ ਸੇਵਨ ਨਾ ਕੀਤਾ ਜਾਵੇ ।

20. ਡਰਾਈਵਰ/ ਕੰਡਕਟਰ ਆਪਣੇ ਚਿਹਰੇ, ਮੂੰਹ, ਨੱਕ, ਅੱਖਾਂ ਨੂੰ ਹੱਥਾਂ ਨਾਲ ਨਾ ਛੂਹਣ।

21.ਡਰਾਈਵਰ/ਕੰਡਕਟਰ ਯਕੀਨੀ ਬਣਾਉਣ ਕਿ ਬੱਸ ਵਿਚ ਚੜ੍ਹਨ ਜਾਂ ਉਤਰਨ ਸਮੇਂ ਸਵਾਰੀਆਂ ਦੀ ਭੀੜ ਨਾ ਹੋਵੇ।

22. ਬੱਸਾਂ ਵਿਚ ਚੜ੍ਹਨ/ਉਤਰਨ ਲਈ 60 ਸਾਲ ਤੋਂ ਉੱਪਰ ਬਜ਼ੁਰਗਾਂ/ ਵੱਡੀ ਉਮਰ ਦੇ ਲੋਕਾਂ ਵਾਸਤੇ ਅਲੱਗ ਲਾਈਨ ਬਣਾਈ ਜਾਵੇ ।

23. ਡਰਾਈਵਰ ਵੱਲੋਂ ਯਾਤਰਾ ਦੌਰਾਨ ਗੈਰ ਜ਼ਰੂਰੀ ਰੁਕਣ ਤੋਂ ਪਰਹੇਜ਼ ਕੀਤਾ ਜਾਵੇ।

24. ਰਸਤੇ ਵਿਚ ਡਰਾਈਵਰ ਵੱਲੋਂ ਕਿਸੇ ਵੀ ਸਵਾਰੀ ਨੂੰ ਬੱਸ ਵਿਚ ਨਾ ਚੜ੍ਹਾਇਆ ਜਾਵੇ ਭਾਵੇਂ ਸੀਟਾਂ ਖਾਲੀ ਵੀ ਹੋਣ, ਤਾਂ ਵੀ।

25. ਕੰਡਕਟਰ ਵੱਲੋਂ ਜੇਕਰ ਕਰੰਸੀ ਨੋਟਾਂ ਨਾਲ ਲੈਣ-ਦੇਣ ਕੀਤਾ ਜਾ ਰਿਹਾ ਹੋਵੇ ਤਾਂ ਇਸ ਤੋਂ ਪਹਿਲਾਂ ਤੇ ਬਾਅਦ ਵਿੱਚ ਹੱਥਾਂ ਨੂੰ ਸੈਨੀਟਾਈਜ਼ ਕੀਤਾ ਜਾਵੇ ਅਤੇ ਸਾਹਮਣੇ ਵਾਲੇ ਵਿਅਕਤੀ ਨੂੰ ਵੀ ਅਜਿਹਾ ਕਰਨ ਲਈ ਪ੍ਰੇਰਿਤ ਕੀਤਾ ਜਾਵੇ।

26. ਸਟਾਫ/ਮੈਨਪਾਵਰ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਆਪਣੀ ਸਿਹਤ ਬਾਰੇ ਸੁਚੇਤ ਰਹਿਣ ਅਤੇ ਜੇਕਰ ਕੋਈ ਲੱਛਣ ਦਿਖਾਈ ਦੇਣ ਤਾਂ ਤੁਰੰਤ ਇਸ ਬਾਰੇ ਸੂਚਨਾ ਦਿੱਤੀ ਜਾਵੇ।

27. ਜੇਕਰ ਕਿਸੇ ਡਰਾਈਵਰ/ ਕੰਡਕਟਰ ਨੂੰ ਤੇਜ਼ ਬੁਖ਼ਾਰ/ਖੰਘ/ਛਿੱਕਾਂ/ਸਾਹ ਲੈਣ ਵਿੱਚ ਤਕਲੀਫ ਹੈ ਤਾਂ ਉਸਨੂੰ ਖ਼ੁਦ ਹੀ ਆਪਣੇ ਇਮਪਲਾਇਰ ਨੂੰ ਦੱਸਿਆ ਜਾਵੇ ਅਤੇ ਤੁਰੰਤ ਇਲਾਜ ਲਈ ਡਾਕਟਰੀ ਸਲਾਹ ਲਈ ਜਾਵੇ।

28. ਸਟਾਫ/ਮੈਨਪਾਵਰ ਵੱਲੋਂ ਬਿਨ੍ਹਾਂ ਕਿਸੇ ਪੁਖ਼ਤਾ ਜਾਣਕਾਰੀ ਤੋਂ ਕੋਵਿਡ-19 ਦੇ ਬਾਰੇ ਗੱਲਾਂ/ਅਫ਼ਵਾਹਾਂ ਨਾ ਫੈਲਾਈਆਂ ਜਾਣ। ਉਨ੍ਹਾਂ ਵੱਲੋਂ ਸਹੀ ਤੇ ਪੁਖ਼ਤਾ ਜਾਣਕਾਰੀ ਲਈ ਪੰਜਾਬ ਸਰਕਾਰ ਵੱਲੋਂ ਬਣਾਈ ਗਈ ਕੋਵਾ ਐਪ ਡਾਊਨਲੋਡ ਕੀਤੀ ਜਾਵੇ।

**ੲ) ਸਵਾਰੀਆਂ ਲਈ ਸਲਾਹਾਂ:**

1. ਸਵਾਰੀਆਂ ਵੱਲੋਂ ਯਕੀਨੀ ਬਣਾਇਆ ਜਾਵੇ ਕਿ ਐੱਸ.ਐੱਮ.ਐੱਸ. ਦੁਆਰਾ ਪ੍ਰਾਪਤ ਸੂਚਨਾ ਦੇ ਅਨੁਸਾਰ ਪਿਕਅੱਪ ਸਥਾਨ ਤੇ ਸਮੇਂ ਸਿਰ ਰਿਪੋਰਟ ਕੀਤਾ ਜਾਵੇ।

2. ਸਵਾਰੀਆਂ ਵੱਲੋਂ ਕੋਸ਼ਿਸ਼ ਕੀਤੀ ਜਾਵੇ ਕਿ ਸਮੇਂ-ਸਮੇਂ ਤੇ ਵਰਤੋਂ ਲਈ ਆਪਣੇ ਨਾਲ ਜੇਬ ਵਿਚ ਹੈਂਡ-ਸੈਨੀਟਾਈਜ਼ਰ ਰੱਖਣ।

3. ਸਵਾਰੀਆਂ ਨੂੰ ਸਲਾਹ ਦਿੱਤੀ ਜਾਵੇ ਕਿ ਉਹ ਬਿਨਾਂ ਵਜਾ ਤੋਂ ਡਿਪੂ/ਕਾਰੀਡੋਰ/ਬੱਸਾਂ ਰੁਕਣ ਦੇ ਸਥਾਨ ਤੇ ਇਧਰ-ਉਧਰ ਨਾ ਘੁੰਮਣ ਅਤੇ ਆਪਣੇ ਨਿਰਧਾਰਿਤ ਸਥਾਨ ਤ ਹੀ ਬੱਸ ਦੀ ਉਡੀਕ ਕੀਤੀ ਜਾਵੇ।

4. ਸਵਾਰੀਆਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਬੱਸ ਵਿਚ ਚੜ੍ਹਨ ਤੋਂ ਪਹਿਲਾ ਟਰਾਂਸਪੋਰਟ ਅਥਾਰਟੀ ਵੱਲੋ ਲਗਾਏ ਹੈਂਡ ਵਾਸ਼ਿੰਗ ਸਟੇਸ਼ਨ ਤੇ ਸਾਬਣ ਤੇ ਪਾਣੀ ਨਾਲ ਆਪਣੇ ਹੱਥ ਧੋਣ।

5. ਯਾਤਰੀ ਬੱਸ ਵਿੱਚ ਚੜ੍ਹਨ ਤੋਂ ਪਹਿਲਾਂ ਹੀ ਟਿਕਟ ਖਰੀਦਣ। ਜੇਕਰ ਸੰਭਵ ਹੋਵੇ ਤਾਂ ਕਿਰਾਇਆ ਦੇਣ ਲਈ ਡਿਜੀਟਲ ਪੇਮੈਂਟ ਦੀ ਹੀ ਵਰਤੋਂ ਕੀਤੀ ਜਾਵੇ। ਟਿਕਟਾਂ ਅਤੇ ਕਰੰਸੀ ਨੋਟਾਂ ਦਾ ਲੈਣ-ਦੇਣ ਕਰਨ ਤੋਂ ਬਾਅਦ ਯਾਤਰੀਆਂ ਵੱਲੋ ਨਿਯਮਿਤ ਤਰੀਕੇ ਨਾਲ ਹੱਥਾਂ ਨੂੰ ਧੋਤਾ/ਸੈਨੀਟਾਈਜ ਕੀਤਾ ਜਾਵੇ।

6. ਜਦੋਂ ਵੀ ਮੌਕਾ ਮਿਲੇ ਤਾਂ ਹੱਥਾਂ ਨੂੰ ਸਾਬਣ ਤੇ ਪਾਣੀ ਨਾਲ ਘੱਟੋ-ਘੱਟ 40 ਸੈਕਿੰਡ ਤੱਕ ਧੋਵੋ, ਹੱਥਾਂ ਦੀਆਂ ਤਲੀਆਂ, ਹੱਥਾਂ ਦਾ ਪਿੱਛਲਾ ਪਾਸਾ, ਉਂਗਲਾਂ ਤੇ ਅੰਗੂਠੇ ਦੇ ਵਿਚਕਾਰ ਦੀ ਜਗਾਂ ਤੇ ਗੁੱਟਾਂ ਨੂੰ ਚੰਗੀ ਤਰਾਂ ਰਗੜੋ। ਹਾਲਾਂਕਿ ਹਰੇਕ 2 ਘੰਟੇ ਬਾਅਦ ਹੱਥ ਧੋਣ ਦੀ ਸਲਾਹ ਦਿੱਤੀ ਜਾਂਦੀ ਹੈ। ਇਸਦੇ ਨਾਲ ਹੀ ਡਰਾਈਵਰ/ਕੰਡਕਟਰ ਵੱਲੋਂ ਸਫ਼ਰ ਸ਼ੁਰੂ ਕਰਨ ਤੋਂ ਪਹਿਲਾਂ ਅਤੇ ਮੰਜਿਲ ਤੇ ਪੁੱਜਣ ਦੇ ਬਾਅਦ (ਦੋਵੇਂ ਪਾਸੇ ਦੀ ਯਾਤਰਾ ਦੌਰਾਨ) ਹੱਥਾਂ ਨੂੰ ਜਰੂਰ ਧੋਤਾ ਜਾਵੇ।

7. ਸੈਨੀਟੇਸ਼ਨ ਕਰਨ ਲਈ ਘੱਟੋ-ਘੱਟ 3 ਐਮਐਲ ਸੈਨੀਟਾਈਜ਼ਰ (ਲਗਭਗ 2 ਵਾਰ ਦਬਾ ਕੇ ਕੱਢੋ) ਸੁੱਕੇ ਹੱਥਾਂ ਤੇ ਲਗਾਓ ਅਤੇ ਘੱਟੋ-ਘੱਟ 30 ਸੈਕਿੰਡ ਤੱਕ ਮਲੋ ਤੇ ਸੁਕਾਓ।

8. ਸਵਾਰੀਆਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਕਤਾਰ (ਨਿਸ਼ਾਨਦੇਹੀ ਕੀਤੇ ਹੋਏ ਅਸਥਾਈ ਕਾਊਂਟਰ/ਚੱਕਰ/ਚੋਰਸ ਸਥਾਨ ਅੰਦਰ) ਖੜ੍ਹੇ ਹੋਣ ਅਤੇ ਬੱਸ ਚੜ੍ਹਨ ਦੇ ਸਥਾਨ, ਬੱਸ ਸਟਾਪ/ਬੱਸ ਸਟੈਂਡ ਤੇ ਇੱਕ ਦੂਜੇ ਕੋਲੋਂ ਹਰ ਸਮੇਂ 1 ਮੀਟਰ ਦੀ ਸਮਾਜਿਕ ਦੂਰੀ ਬਣਾ ਕੇ ਰੱਖਣ।

9. ਉਤਰਨ ਅਤੇ ਚੜ੍ਹਨ ਸਮੇਂ ਸਵਾਰੀਆਂ ਵੱਲੋ ਭੀੜ੍ਹ ਨਾ ਕੀਤੀ ਜਾਵੇ।

10. ਸਵਾਰੀ ਹਰ ਸਮੇਂ ਯਾਤਰਾ ਦੌਰਾਨ ਕੱਪੜੇ ਦਾ ਮਾਸਕ ਪਹਿਨ ਕੇ ਰੱਖਣ।

11. ਸਵਾਰੀ ਬੱਸ ਅੰਦਰ ਜਾਂ ਕਿਤੇ ਵੀ ਖੁੱਲੇ ਵਿਚ ਨਾ ਥੁੱਕਣ।

12. ਸਵਾਰੀਆਂ ਵੱਲੋਂ ਧੂਮਰਪਾਨ ਜਾਂ ਤੰਬਾਕੂ ਆਧਾਰਿਤ ਚੀਜ਼ਾਂ ਜਿਵੇਂ ਕਿ ਗੁਟਕਾ, ਪਾਨ ਮਸਾਲਾ ਜਾਂ ਕੋਈ ਵੀ ਹੋਰ ਨਸ਼ਾ ਆਦਿ ਦਾ ਵਾਹਨ ਅੰਦਰ ਜਾਂ ਉਂਝ ਵੀ ਸੇਵਨ ਨਾ ਕੀਤਾ ਜਾਵੇ।

13. ਸਵਾਰੀ ਆਪਣੇ ਚਿਹਰੇ, ਮੂੰਹ, ਨੱਕ, ਅੱਖਾਂ ਨੂੰ ਹੱਥਾਂ ਨਾਲ ਨਾ ਛੂਹਣ।

14. ਜੇਕਰ ਕਿਸੇ ਸਵਾਰੀ ਨੂੰ ਖੰਘ/ਛਿੱਕਾਂ ਆ ਰਹੀਆਂ ਹਨ ਤਾਂ ਰੁਮਾਲ ਨਾਲ ਮੂੰਹ ਤੇ ਨੱਕ ਨੂੰ ਢੱਕਿਆ ਜਾਵੇ। ਜਿਸ ਨੂੰ ਆਪਣੀ ਜੇਬ/ਪਰਸ ਵਿੱਚ ਰੱਖਿਆ ਜਾਵੇ ਅਤੇ ਇਸ ਰੁਮਾਲ ਨੂੰ ਕਿਸੇ ਹੋਰ ਵਸਤੂ ਦੇ ਸੰਪਰਕ ਵਿੱਚ ਨਾ ਆਉਣ ਦਿੱਤਾ ਜਾਵੇ।

15. ਜੇਕਰ ਸਵਾਰੀ ਕੋਲ ਰੁਮਾਲ ਨਹੀਂ ਹੈ ਤਾਂ ਮੂੰਹ ਤੇ ਨੱਕ ਨੂੰ ਆਪਣੀ ਕੂਹਣੀ ਨਾਲ ਢੱਕੋ।

16. ਸਵਾਰੀ ਵੱਲੋਂ ਉਪਰੋਕਤ ਦੋਵਾਂ ਮਾਮਲਿਆਂ ਵਿੱਚ ਆਪਣੇ ਹੱਥ ਜਾਂ ਖੰਘ/ਛਿੱਕਾਂ ਦੇ ਸੰਪਰਕ ਵਿੱਚ ਆਏ ਹੋਰ ਹਿੱਸਿਆਂ ਨੂੰ ਨਿਯਮਿਤ ਢੰਗ ਨਾਲ ਧੋਤਾ ਜਾਂ ਸੈਨੀਟਾਈਜ਼ ਕੀਤਾ ਜਾਵੇ।

17. ਜੇਕਰ ਕਿਸੇ ਸਵਾਰੀ ਨੂੰ ਤੇਜ਼ ਬੁਖ਼ਾਰ/ਖੰਘ/ਛਿੱਕਾਂ/ਸਾਹ ਲੈਣ ਵਿੱਚ ਤਕਲੀਫ ਹੈ ਤਾਂ ਉਸਨੂੰ ਖ਼ੁਦ ਹੀ ਕੰਡਕਟਰ ਨੂੰ ਦੱਸਣਾ ਚਾਹੀਦਾ ਹੈ ਅਤੇ ਤੁਰੰਤ ਇਲਾਜ ਲਈ ਡਾਕਟਰੀ ਸਲਾਹ ਲਈ ਜਾਵੇ।

18. ਸਵਾਰੀਆਂ ਵੱਲੋਂ ਖੁਦ ਜਾਂ ਦੂਜੇ ਯਾਤਰੀਆਂ ਨਾਲ ਬਿਨ੍ਹਾਂ ਕਿਸੇ ਪੁਖ਼ਤਾ ਜਾਣਕਾਰੀ ਤੋਂ ਕੋਵਿਡ-19 ਦੇ ਬਾਰੇ ਗੱਲਾਂ/ਅਫ਼ਵਾਹਾਂ ਨਾ ਫੈਲਾਈਆਂ ਜਾਣ। ਉਨ੍ਹਾਂ ਵੱਲੋ ਸਹੀ ਤੇ ਪੁਖ਼ਤਾ ਜਾਣਕਾਰੀ ਲਈ ਪੰਜਾਬ ਸਰਕਾਰ ਵੱਲੋਂ ਬਣਾਈ ਗਈ ਕੋਵਾ ਐਪ ਡਾਊਨਲੋਡ ਕੀਤੀ ਜਾਵੇ।

**ਸ) ਏਅਰ ਕੰਡੀਸ਼ਨਿੰਗ:**

- ਬੱਸਾਂ ਵਿਚ ਵਰਤੋਂ ਕੀਤਾ ਜਾਣ ਵਾਲਾ ਏਅਰ ਕੰਡੀਸ਼ਨਿੰਗ ਸਿਸਟਮ ਬਿਨ੍ਹਾਂ ਕਿਸੇ ਵੈਂਟੀਲੇਸ਼ਨ ਸਿਸਟਮ ਤੋਂ ਨਾ ਵਰਤਿਆ ਜਾਵੇ ।
- ਹਵਾ ਦੇ ਵਹਾਅ (ਵੈਂਟੀਲੇਸ਼ਨ) ਨੂੰ ਵਧਾਉਣ ਦੇ ਲਈ ਬੱਸਾਂ ਅੰਦਰ ਨਿਕਾਸੀ ਪੱਖੇ (ਐਗਜਾਸਟਫੈਨ) ਲਗਾਏ ਜਾ ਸਕਦੇ ਹਨ।
- ਏਅਰ ਕੰਡੀਸ਼ਨਿੰਗ ਸੰਬੰਧੀ ਵਿਸਥਾਰਪੂਰ ਦਿਸ਼ਾ-ਨਿਰਦੇਸ਼ ਅਤੇ ਵਧੇਰੇ ਜਾਣਕਾਰੀ ਲਈ ਐਡਵਾਈਜ਼ਰੀਜ਼ ਦੀ ਕਾਪੀ (Annexure-1) ਨਾਲ ਨੱਥੀ ਹੈ।

**ਹ**) ਜੇਕਰ ਕੋਈ ਯਾਤਰੀ ਕੋਵਿਡ-19 ਦਾ ਇਲਾਜ ਕਰਵਾ ਰਿਹਾ ਹੈ ਜਾਂ ਕੋਵਿਡ-19 ਦੀ ਪੁਸ਼ਟੀ ਹੋਈ ਹੈ ਅਤੇ ਜੇਕਰ ਕੋਈ ਹੋਰ ਵਿਅਕਤੀ ਉਸਦੇ ਸੰਪਰਕ ਵਿੱਚ ਆਇਆ ਹੈ ਤਾਂ ਘਬਰਾਉਣ ਦੀ ਕੋਈ ਜ਼ਰੂਰਤ ਨਹੀਂ ਹੈ। ਇਸ ਦੇ ਸੰਬੰਧ ਵਿੱਚ ਹੈਲਪਲਾਈਨ ਨੰਬਰ 104 ਜਾਂ ਸਟੇਟ ਕੰਟਰੋਲ ਰੂਮ ਨੰਬਰ 0172-2920074 / 08872090029 ਤੇ ਕਾਲ ਕਰਕੇ ਸੰਪਰਕ ਵਿੱਚ ਆਉਣ ਦੀ ਪੂਰੀ ਜਾਣਕਾਰੀ ਦਿੱਤੀ ਜਾਵੇ ਅਤੇ ਅਗਲੇਰੀ ਸਹਾਇਤਾ ਪ੍ਰਾਪਤ ਕੀਤੀ ਜਾਵੇ।

**ਕ**) ਜੇਕਰ ਕਿਸੇ ਸਟਾਫ/ਮੈਨਪਾਵਰ ਵਿੱਚ ਕੋਰੋਨਾ ਵਾਇਰਸ ਦੀ ਪੁਸ਼ਟੀ ਹੋ ਜਾਂਦੀ ਹੈ ਤਾਂ ਟਰਾਂਸਪੋਰਟ ਅਥਾਰਟੀ ਦੀ ਇਹ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਹੈਲਪਲਾਈਨ ਨੰਬਰ 104 ਜਾਂ ਸਟੇਟ ਕੰਟਰੋਲ ਰੂਮ ਨੰਬਰ 0172-2920074 / 08872090029 ਤੇ ਕਾਲ ਕਰਕੇ ਪੀੜਿਤ ਸਟਾਫ/ਮੈਨਪਾਵਰ ਦੇ ਦਫ਼ਤਰ ਵਿੱਚ ਆਉਣ ਦੇ ਦਿਨਾਂ ਬਾਰੇ ਅਤੇ ਉਸਦੇ ਸੰਪਰਕ ਵਿੱਚ ਆਏ ਹੋਰ ਲੋਕਾਂ ਬਾਰੇ ਤੁਰੰਤ ਜਾਣਕਾਰੀ ਦੇਣ। ਇਸ ਲਈ ਟਰਾਂਸਪੋਰਟ ਅਥਾਰਟੀ ਵੱਲੋਂ ਸਾਰੇ ਸਟਾਫ/ਮੈਨਪਾਵਰ ਦੀ ਹਾਜ਼ਰੀ ਅਤੇ ਹਰੇਕ ਬੱਸ ਵਿੱਚ ਸਫ਼ਰ ਕਰਨ ਵਾਲੀਆਂ ਸਵਾਰੀਆਂ ਦਾ ਰੋਜ਼ਾਨਾ ਪੂਰਾ ਬਿਓਰਾ ਤਿਆਰ ਰੱਖਿਆ ਜਾਵੇ।

ਸਭ ਨੂੰ ਪ੍ਰੇਰਿਤ ਕੀਤਾ ਜਾਂਦਾ ਹੈ ਕਿ ਉਹ ਪੋਸ਼ਟਿਕ ਖਾਣਾ ਖਾਣ, ਸਹੀ ਜਾਣਕਾਰੀ ਦੇ ਨਾਲ ਖ਼ੁਦ ਨੂੰ ਹਰ ਸਮੇਂ ਸੁਚੇਤ ਤੇ ਅਪਡੇਟ ਰੱਖਣ ਅਤੇ ਖਾਲੀ ਸਮੇਂ ਦੌਰਾਨ ਆਪਣੀ ਦਿਲਚਸਪੀ ਅਨੁਸਾਰ ਸਾਕਾਰਤਮਕ ਕੰਮ ਕਰਨ।

**ਸਕੱਤਰ ਸਿਹਤ ਅਤੇ**
**ਮਿਸ਼ਨ ਡਾਇਰੈਕਟਰ, ਐਨਐਚਐਮ, ਪੰਜਾਬ।**

ਨੰ. ਐਮਡੀ/ਐਨਐਚਐਮ/2020/3296(ਆਰ)-3298(ਆਰ) ਮਿਤੀ, ਚੰਡੀਗੜ੍ਹ, 6 ਮਈ 2020

ਉਤਾਰਾ :-

1. ਓਐਸਡੀ ਟੂ ਮੁੱਖ ਸਕੱਤਰ, ਪੰਜਾਬ ਨੂੰ ਮਾਣਯੋਗ ਮੁੱਖ ਸਕੱਤਰ ਜੀ ਦੀ ਜਾਣਕਾਰੀ ਹਿੱਤ।
2. ਪੀਐਸ ਟੂ ਵਧੀਕ ਮੁੱਖ ਸਕੱਤਰ (ਗ੍ਰਹਿ ਵਿਭਾਗ), ਪੰਜਾਬ ਨੂੰ ਵਧੀਕ ਮੁੱਖ ਸਕੱਤਰ (ਗ੍ਰਹਿ ਵਿਭਾਗ) ਜੀ ਦੀ ਜਾਣਕਾਰੀ ਹਿੱਤ।
3. ਪੀਐਸ ਟੂ ਪ੍ਰਮੁੱਖ ਸਕੱਤਰ (ਸਿਹਤ), ਪੰਜਾਬ ਨੂੰ ਪ੍ਰਮੁੱਖ ਸਕੱਤਰ ਸਿਹਤ ਜੀ ਦੀ ਜਾਣਕਾਰੀ ਹਿੱਤ।

**ਸਕੱਤਰ ਸਿਹਤ ਅਤੇ**
**ਮਿਸ਼ਨ ਡਾਇਰੈਕਟਰ, ਐਨਐਚਐਮ, ਪੰਜਾਬ।**

ਨੰ. ਐਮਡੀ/ਐਨਐਚਐਮ/2020/3299(ਆਰ)-3306(ਆਰ) ਮਿਤੀ, ਚੰਡੀਗੜ੍ਹ, 6 ਮਈ 2020

ਉਤਾਰਾ :-

1. ਕਮਿਸ਼ਨਰ, ਐਫਡੀਏ, ਪੰਜਾਬ ਜੀ ਨੂੰ ਜਾਣਕਾਰੀ ਹਿੱਤ।
2. ਮੈਨੇਜਿੰਗ ਡਾਇਰੈਕਟਰ, ਪੀਐਚਐਸਸੀ ਜੀ ਨੂੰ ਜਾਣਕਾਰੀ ਹਿੱਤ।
3. ਕਮਿਸ਼ਨਰ ਆਯੂਸ਼ ਕਮ ਪ੍ਰੋਜੈਕਟ ਡਾਇਰੈਕਟਰ, ਪੰਜਾਬ ਸਟੇਟ ਏਡਜ਼ ਕੰਟਰੋਲ ਸੁਸਾਇਟੀ ਜੀ ਨੂੰ ਜਾਣਕਾਰੀ ਹਿੱਤ।
4. ਡਾਇਰੈਕਟਰ ਸਿਹਤ ਸੇਵਾਵਾਂ, ਪੰਜਾਬ ਜੀ ਨੂੰ ਜਾਣਕਾਰੀ ਹਿੱਤ।
5. ਡਾਇਰੈਕਟਰ ਸਿਹਤ ਸੇਵਾਵਾਂ (ਪਰਿਵਾਰ ਭਲਾਈ), ਪੰਜਾਬ ਜੀ ਨੂੰ ਜਾਣਕਾਰੀ ਹਿੱਤ।
6. ਡਾਇਰੈਕਟਰ (ਈਐਸਆਈ), ਪੰਜਾਬ ਜੀ ਨੂੰ ਜਾਣਕਾਰੀ ਹਿੱਤ।
7. ਐਗਜ਼ੀਕਿਉਟਿਵ ਡਾਇਰੈਕਟਰ, ਐਸਐਚਐਸਆਰਸੀ, ਪੰਜਾਬ ਜੀ ਨੂੰ ਜਾਣਕਾਰੀ ਹਿੱਤ।
8. ਸਮੂਹ ਸਿਵਲ ਸਰਜਨ, ਪੰਜਾਬ ਨੂੰ ਜਾਣਕਾਰੀ ਤੇ ਯੋਗ ਕਾਰਵਾਈ ਹਿੱਤ।

**ਸਟੇਟ ਪ੍ਰੋਗਰਾਮ ਅਫ਼ਸਰ (ਆਈਈਸੀ)**
**ਐਨਐਚਐਮ, ਪੰਜਾਬ।**

**Annexure-1**

# ਪੰਜਾਬ ਸਰਕਾਰ
## ਸਿਹਤ ਤੇ ਪਰਿਵਾਰ ਭਲਾਈ ਵਿਭਾਗ
## (ਐਨਐਚਐਮ, ਪੰਜਾਬ)

ਨੰ. 3129 (ਆਰ) - 3136 (ਆਰ) ਮਿਤੀ, ਚੰਡੀਗੜ੍ਹ, 24 ਅਪ੍ਰੈਲ 2020

ਸੇਵਾ ਵਿਖੇ

1. ਸਮੂਹ ਵਿਸ਼ੇਸ਼ ਮੁੱਖ ਸਕੱਤਰ/ਵਧੀਕ ਮੁੱਖ ਸਕੱਤਰ/ਵਿੱਤੀ ਕਮਿਸ਼ਨਰਜ਼/ਪ੍ਰਮੁੱਖ ਸਕੱਤਰ/ ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ।
2. ਸਮੂਹ ਵਿਭਾਗਾਂ ਦੇ ਮੁੱਖੀ, ਪੰਜਾਬ ਸਰਕਾਰ।
3. ਸਮੂਹ ਡਿਵੀਜ਼ਨਾਂ ਦੇ ਕਮਿਸ਼ਨਰਜ਼।
4. ਕਮਿਸ਼ਨਰ ਆਫ ਪੁਲਿਸ।
5. ਸਮੂਹ ਡਿਪਟੀ ਕਮਿਸ਼ਨਰ/ਜ਼ਿਲ੍ਹਾ ਤੇ ਸੈਸ਼ਨ ਜੱਜ, ਪੰਜਾਬ ਸਰਕਾਰ।
6. ਰਜਿਸਟਰਾਰ ਜਨਰਲ, ਪੰਜਾਬ ਤੇ ਹਰਿਆਣਾ ਹਾਈ ਕੋਰਟ।
7. ਸਮੂਹ ਸੀਨੀਅਰ ਸੁਪਰੀਟੈਂਡੈਂਟ ਆਫ ਪੁਲਿਸ।
8. ਸਕੱਤਰ, ਪੰਜਾਬ ਵਿਧਾਨ ਸਭਾ।

**ਵਿਸ਼ਾ :** **ਕੋਵਿਡ-19 ਮਹਾਂਮਾਰੀ ਦੌਰਾਨ ਘਰਾਂ/ਦਫ਼ਤਰਾਂ ਤੇ ਹਸਪਤਾਲਾਂ ਵਿੱਚ ਏਅਰ ਕੰਡੀਸ਼ਨਰ ਦੀ ਵਰਤੋਂ ਸੰਬੰਧੀ ਸਲਾਹ।**

ਕੋਰੋਨਾ ਵਾਇਰਸ (ਕੋਵਿਡ-19) ਸਿਸਟਮਿਕ ਬਿਮਾਰੀ ਹੈ, ਜੋ ਨੋਵਲ ਕੋਰੋਨਾ ਵਾਇਰਸ (SARS-CoV-2) ਨਾਲ ਹੁੰਦੀ ਹੈ ਅਤੇ ਜ਼ਿਆਦਾਤਰ ਮੌਕਿਆਂ ਤੇ ਛਿੱਕਾਂ ਤੇ ਖੰਘ ਦੇ ਛਿੱਟਿਆਂ ਰਾਹੀਂ ਸਾਹ ਜ਼ਰੀਏ ਅੰਦਰ ਜਾਣ ਨਾਲ, ਪੀੜ੍ਹਤ ਵਿਅਕਤੀ ਦੇ ਸੰਪਰਕ ਵਿੱਚ ਆਉਣ ਨਾਲ ਅਤੇ ਸੰਕ੍ਰਮਿਤ ਚੀਜ਼ਾਂ/ਵਸਤੂਆਂ ਨੂੰ ਛੂਹਣ ਨਾਲ ਫ਼ੈਲਦੀ ਹੈ। ਹਾਲਾਂਕਿ ਇਹ ਵਾਇਰਸ ਵੱਖ-ਵੱਖ ਸਤਿਹਾਂ ਉਪਰ ਵੱਖ-ਵੱਖ ਸਮੇਂ ਤੱਕ ਜੀਵਿਤ ਰਹਿੰਦਾ ਹੈ, ਪਰ ਕੈਮੀਕਲ ਡਿਸਇਨਫੈਕਟੈਂਟ ਨਾਲ ਇਹ ਆਸਾਨੀ ਨਾਲ ਖ਼ਤਮ ਹੋ ਜਾਂਦਾ ਹੈ। ਇਸ ਲਈ ਜੇਕਰ ਸਹੀ ਅਤੇ ਸਮੇਂ ਤੇ ਜਾਣਕਾਰੀ ਹੋਵੇ ਤਾਂ ਕੋਰੋਨਾ ਵਾਇਰਸ ਮਹਾਂਮਾਰੀ ਨੂੰ ਰੋਕਿਆ ਜਾ ਸਕਦਾ ਹੈ।

ਪਿੱਛਲੇ ਕੁਝ ਹਫ਼ਤਿਆਂ ਤੋਂ ਗਰਮੀ ਦੇ ਮੌਸਮ ਦੀ ਸ਼ੁਰੂਆਤ ਹੋਣ ਦੇ ਚੱਲਦੇ ਏਅਰ ਕੰਡੀਸ਼ਨਰਾਂ / ਕੂਲਰਾਂ ਦਾ ਕੋਵਿਡ-19 ਦੇ ਮੱਦੇਨਜ਼ਰ ਸੁਰੱਖਿਅਤ ਢੰਗ ਨਾਲ ਵਰਤੋਂ ਕਰਨ ਸੰਬੰਧੀ ਕੁਝ ਸਵਾਲਿਆ ਨਿਸ਼ਾਨ ਸਾਹਮਣੇ ਆਏ ਹਨ। ਏਅਰ ਕੰਡੀਸ਼ਨਰ ਇੱਕ ਕਮਰੇ ਵਿਚਲੀ ਹਵਾ ਨੂੰ ਘੁੰਮਾ ਕੇ (ਰੀ-ਸਰਕੁਲੇਟ) ਦੁਬਾਰਾ ਠੰਡਾ ਕਰਨ ਦੇ ਨਿਯਮ ਤੇ ਕੰਮ ਕਰਦਾ ਹੈ ਅਤੇ ਮੌਜੂਦਾ ਕੋਵਿਡ-19 ਦੀ ਸਥਿਤੀ ਵਿੱਚ ਕੁਝ ਚਿੰਤਾਜਨਕ ਸ਼ੰਕਾਵਾਂ ਸਾਹਮਣੇ ਆ ਰਹੀਆਂ ਹਨ ਕਿ ਏਅਰ ਕੰਡੀਸ਼ਨਰ ਦੀ ਵੱਡੇ ਸਥਾਨਾਂ ਜਿਵੇਂ ਕਿ ਮਾਲ, ਦਫ਼ਤਰ, ਹਸਪਤਾਲ ਆਦਿ ਵਿੱਚ ਵਰਤੋਂ ਦੇ ਨਾਲ ਲੋਕਾਂ ਨੂੰ ਖ਼ਤਰਾ ਹੋ ਸਕਦਾ ਹੈ।

ਇਸ ਦੇ ਚੱਲਦੇ ਸੂਬੇ ਵੱਲੋਂ ਅਜਿਹੀਆਂ ਸ਼ੰਕਾਵਾਂ ਨੂੰ ਦੂਰ ਕਰਨ ਲਈ ਏਅਰ ਕੰਡੀਸ਼ਨਰ / ਕੂਲਰਾਂ ਦੀ ਵੱਖ-ਵੱਖ ਥਾਵਾਂ ਤੇ ਵਰਤੋਂ ਸੰਬੰਧੀ ਹੇਠਾਂ ਲਿਖੇ ਦਿਸ਼ਾ ਨਿਰਦੇਸ਼ ਜਾਰੀ ਕਰਨ ਦਾ ਫ਼ੈਸਲਾ ਕੀਤਾ ਗਿਆ ਹੈ। ਵੱਖ-ਵੱਖ ਥਾਵਾਂ ਤੇ ਏਸੀ ਦੀ ਵਰਤੋਂ ਕਰਨ ਸੰਬੰਧੀ ਜ਼ਰੂਰੀ ਸਲਾਹਾਂ / ਦਿਸ਼ਾ ਨਿਰਦੇਸ਼ ਹੇਠ ਲਿਖੇ ਅਨੁਸਾਰ ਹਨ -

## ਸੈਕਸ਼ਨ-ੳ : ਘਰੇਲੂ ਥਾਵਾਂ

**1. ਰੂਮ ਏਅਰ ਕੰਡੀਸ਼ਨਰਜ਼ (ਵਿੰਡੋ / ਸਪਲਿੱਟ)**

- ਏਅਰ ਕੰਡੀਸ਼ਨਰ ਦੁਆਰਾ ਕਮਰੇ ਵਿੱਚ ਵਾਰ-ਵਾਰ ਘੁੰਮਣ ਵਾਲੀ ਹਵਾ ਵਿੱਚ ਬਾਹਰੀ ਤਾਜ਼ੀ ਹਵਾ ਦਾ ਮੇਲ ਜ਼ਰੂਰੀ ਹੈ, ਜਿਸ ਲਈ ਖਿੜਕੀ ਨੂੰ ਥੋੜ੍ਹਾ ਜਿਹਾ ਖੋਲ੍ਹ ਕੇ ਰੱਖਿਆ ਜਾ ਸਕਦਾ ਹੈ ਤਾਂ ਜੋ ਕੁਦਰਤੀ ਹਵਾ ਕਮਰੇ ਵਿੱਚ ਦਾਖਿਲ ਹੋ ਸਕੇ ਅਤੇ ਬੰਦ ਹਵਾ ਨੂੰ ਬਾਹਰ ਜਾਣ ਦਾ ਰਸਤਾ ਮਿਲ ਪਾਵੇ।
- ਕਮਰੇ ਦਾ ਤਾਪਮਾਨ 24 ਤੋਂ 27 ਡਿਗਰੀ ਸੈਲਸੀਅਸ ਵਿੱਚ ਸੈੱਟ ਕੀਤਾ ਜਾਵੇ ਅਤੇ ਨਮੀਂ (ਹਿਊਮੀਡਿਟੀ) ਨੂੰ 40 ਤੋਂ 70 ਪ੍ਰਤੀਸ਼ਤ ਵਿੱਚ ਰੱਖੀ ਜਾਵੇ।
- ਏਅਰ ਕੰਡੀਸ਼ਨਰ ਦੀ ਸਮੇਂ-ਸਮੇਂ ਤੇ ਸਰਵਿਸ ਕਰਵਾਈ ਜਾਵੇ ਤਾਂ ਜੋ ਫਿਲਟਰ ਸਾਫ਼ ਰਹਿਣ।
- ਜ਼ਿਆਦਾ ਲੋਕਾਂ ਵਾਲੇ ਕਮਰੇ ਵਿੱਚ ਹਵਾ ਬਾਹਰ ਕੱਢਣ ਵਾਲਾ ਪੱਖਾ (ਐਗਜ਼ਾਸਟਫੈਨ) ਲਗਾਇਆ ਜਾ ਸਕਦਾ ਹੈ, ਜਿਸ ਨਾਲ ਕਮਰੇ ਵਿੱਚ ਨੈਗੇਟਿਵ ਪ੍ਰੈਸ਼ਰ ਬਣੇ ਅਤੇ ਤਾਜ਼ੀ ਹਵਾ ਦਾ ਚਲਣ ਰਹੇ।
- ਕਮਰੇ ਵਿੱਚ ਘੁੰਮ ਰਹੀ ਹਵਾ ਨੂੰ ਸਮੇਂ-ਸਮੇਂ ਤੇ ਬਾਹਰ ਕੱਢਿਆ ਜਾਵੇ।

**2. ਅਵੈਪੋਰੇਟਿਵ/ਡੈਜ਼ਰਟ ਏਅਰ ਕੂਲਰ (Evaporative/Desert Air Cooler)**

- ਇਹ ਸਲਾਹ ਹੈ ਕਿ ਧੂੜ-ਮਿੱਟੀ ਨੂੰ ਅੰਦਰ ਨਾ ਆਉਣ ਦਿੱਤਾ ਜਾਵੇ ਅਤੇ ਸਾਫ਼-ਸਫ਼ਾਈ (ਹਾਈਜੀਨ) ਰੱਖੀ ਜਾਵੇ। ਅਵੈਪੋਰੇਟਿਵ ਕੂਲਰਾਂ ਦੇ ਟੈਂਕਾਂ ਨੂੰ ਸਾਫ਼ ਤੇ ਰੋਗਾਣੂ ਮੁਕਤ ਕਰਨਾ ਜ਼ਰੂਰੀ ਹੈ ਅਤੇ ਸਮੇਂ-ਸਮੇਂ ਤੇ ਪਾਣੀ ਨੂੰ ਤਾਜ਼ਾ ਪਾਣੀ ਭਰ ਕੇ ਬਦਲਿਆ ਜਾਵੇ।
- **ਏਅਰ ਕੂਲਰਾਂ ਨੂੰ ਰੋਗਾਣੂ ਮੁਕਤ ਕਰਨਾ -** ਅਵੈਪੋਰੇਟਿਵ ਏਅਰ ਕੂਲਰਾਂ ਨੂੰ ਸਮੇਂ-ਸਮੇਂ ਤੇ ਸਾਫ਼ ਤੇ ਰੋਗਾਣੂ ਮੁਕਤ ਕੀਤਾ ਜਾਵੇ। ਪਾਣੀ ਵਾਲੇ ਟੈਂਕ ਨੂੰ ਖਾਲੀ ਕਰਕੇ ਕਿਸੇ ਸਾਫ਼ ਕੱਪੜੇ, ਸਪੰਜ ਅਤੇ ਗਰਮ ਪਾਣੀ ਨਾਲ ਸਾਫ਼ (ਪੂੰਜਿਆ) ਕੀਤਾ ਜਾਵੇ ਤਾਂ ਜੋ ਪਿੱਛਲੀ ਸਫ਼ਾਈ ਦੇ ਸਮੇਂ ਤੋਂ ਬਾਅਦ ਜਮ੍ਹਾਂ ਹੋਈ ਗੰਦਗੀ ਨੂੰ ਸਾਫ਼ ਕੀਤਾ ਜਾ ਸਕੇ। ਇਸਤੋਂ ਇਲਾਵਾ ਟੈਂਕ ਨੂੰ ਹਲਕੇ ਸਾਬਣ ਵਾਲੇ ਪਾਣੀ ਦਾ ਇਸਤੇਮਾਲ ਕਰਨ ਉਪਰੰਤ ਸਾਫ਼ ਤਾਜ਼ੇ ਪਾਣੀ ਨਾਲ ਧੋਇਆ ਜਾ ਸਕਦਾ ਹੈ।
- ਸਹੀ ਵੈਂਟੀਲੇਸ਼ਨ ਲਈ ਅਵੈਪੋਰੇਟਿਵ ਕੂਲਰ ਵਿੱਚ ਬਾਹਰ ਦੀ ਤਾਜ਼ਾ ਹਵਾ ਆਉਣਾ ਜ਼ਰੂਰੀ ਹੈ।

**3. ਪੱਖੇ:**

1. ਪੱਖਿਆਂ ਨੂੰ ਚਲਾਉਣ ਸਮੇਂ ਖਿੜਕੀਆਂ ਨੂੰ ਧੋੜਾ ਜਿਹਾ ਖੋਲ੍ਹ ਕੇ ਰੱਖਿਆ ਜਾਵੇ।

2. ਜੇਕਰ ਨਜ਼ਦੀਕ ਹੀ ਕੋਈ ਐਗਜ਼ਾਸਟ ਫੈਨ ਲੱਗਿਆ ਹੈ ਤਾਂ ਉਸਨੂੰ ਚੱਲਦਾ ਰੱਖੋ ਤਾਂ ਜੋ ਹਵਾ ਦਾ ਬਿਹਤਰ ਵਹਾਅ ਹੋ ਸਕੇ।

## ਸੈਕਸ਼ਨ – ਅ : ਵਪਾਰਿਕ (ਕਮਰਸ਼ੀਅਲ) ਤੇ ਉਦਯੋਗਿਕ (ਇੰਡਸਟਰੀਅਲ) ਥਾਵਾਂ

1. ਕੋਵਿਡ–19 ਦੇ ਖ਼ਤਰੇ ਦੇ ਹਵਾ ਵਿੱਚ ਫ਼ੈਲਾਵ ਨੂੰ ਘੱਟੋ–ਘੱਟ ਰੱਖਣ ਲਈ ਜ਼ਰੂਰੀ ਹੈ ਕਿ ਅੰਦਰੂਨੀ ਵਾਤਾਵਰਣ ਵਿੱਚ ਵੱਧ ਤੋਂ ਵੱਧ ਬਾਹਰੀ ਹਵਾ ਆਉਣੀ ਚਾਹੀਦੀ ਹੈ।

2. ਸਿਰਫ਼ ਖਿੜਕੀਆਂ ਖੋਲ੍ਹਣ ਦੀ ਜਗ੍ਹਾਂ ਤੇ ਜੇਕਰ ਵੈਂਟੀਲੇਸ਼ਨ ਵਾਲਾ ਮਕੈਨੀਕਲ ਵੈਂਟੀਲੇਸ਼ਨ ਸਿਸਟਮਜ਼ ਅਤੇ ਏਅਰ ਕੰਡੀਸ਼ਨਿੰਗ ਸਿਸਟਮਜ਼ ਹੋਵੇ ਤਾਂ ਜ਼ਿਆਦਾ ਬਿਹਤਰ ਤਰੀਕੇ ਨਾਲ ਬਾਹਰੀ ਹਵਾ ਨੂੰ ਫਿਲਟਰ ਕਰਕੇ ਅੰਦਰੂਨੀ ਹਵਾ ਦੀ ਗੁਣਵੱਤਾ ਵਿੱਚ ਸੁਧਾਰ ਲਿਆਇਆ ਜਾ ਸਕਦਾ ਹੈ।

3. ਜੇਕਰ ਤਾਜ਼ੀ ਹਵਾ ਉਪਲਬੱਧ ਨਾ ਹੋ ਰਹੀ ਹੋਵੇ ਤਾਂ ਇਹ ਸਿਫਾਰਿਸ਼ ਕੀਤੀ ਜਾਂਦੀ ਹੈ ਕਿ ਤਾਜ਼ੀ ਹਵਾ ਲਈ ਸੈਂਟਰਲ ਇਨਲਾਈਨ ਫੈਨ ਫਿਲਟਰ ਯੂਨਿਟ ਨਾਲ ਇੱਕ ਏਅਰ ਡਕਟ (ਹਵਾ ਵਾਲੀ ਪਾਈਪ) ਜੋੜ ਦਿੱਤੀ ਜਾਵੇ ਅਤੇ ਜੇਕਰ ਮਲਟੀਪਲ ਕੈਸੇਟ ਜਾਂ ਮਲਟੀਪਲ ਹਾਈ ਵਾਲ ਯੂਨਿਟ ਹੋਣ ਤਾਂ ਤਾਜ਼ੀ ਹਵਾ ਨੂੰ ਗਰਿਲਾਂ ਰਾਹੀਂ ਅੰਦਰੂਨੀ ਖੇਤਰ ਵਿੱਚ ਜਾਂ ਉਸਦੇ ਨਜ਼ਦੀਕ ਪਹੁੰਚਾਇਆ ਜਾ ਸਕਦਾ ਹੈ।

4. ਤਾਜ਼ੀ ਹਵਾ ਦੀ ਘੱਟੋ–ਘੱਟ ਮਾਤਰਾ 3 ਕਿਊਬਿਕ ਮੀਟਰ/ਘੰਟਾ ਪ੍ਰਤੀ ਵਿਅਕਤੀ ਅਤੇ 3.75 ਕਿਊਬਿਕ ਮੀਟਰ /ਘੰਟਾ ਪ੍ਰਤੀ ਸਕੇਅਰ ਮੀਟਰ (5 ਸੀਐਫਐਮ ਪ੍ਰਤੀ ਵਿਅਕਤੀ ਅਤੇ 0.6 ਸੀਐਫਐਮ ਪ੍ਰਤੀ ਸਕੇਅਰ ਫੁੱਟ) ਦੀ ਸਿਫਾਰਿਸ਼ ਕੀਤੀ ਜਾਂਦੀ ਹੈ।

5. ਡਕਟ ਫੈਨ ਕੁਆਲਿਡ ਅਤੇ ਏਅਰ ਹੈਂਡਲਿੰਗ ਯੂਨਿਟਾਂ ਦੇ ਮਾਮਲੇ ਵਿੱਚ ਇਨਲੈੱਟ ਡਕਟ ਅਤੇ ਪੱਖੇ ਨਾਲ ਤਾਜ਼ੀ ਹਵਾ ਦੀ ਸਪਲਾਈ ਕੀਤੀ ਜਾਵੇ।

6. ਜਿਹੜੀਆਂ ਇਮਾਰਤਾਂ ਵਿੱਚ ਮਕੈਨੀਕਲ ਵੈਂਟੀਲੇਸ਼ਨ ਸਿਸਟਮ ਨਹੀਂ ਹੈ। ਉਨ੍ਹਾਂ ਵਿੱਚ ਖੁੱਲਣ ਵਾਲੀਆਂ ਖਿੜਕੀਆਂ ਦਾ ਉਪਯੋਗ ਕਰਨ ਦੀ ਸਲਾਹ ਦਿੱਤੀ ਜਾਂਦੀ ਹੈ।

7. ਇਹ ਸਿਫਾਰਿਸ਼ ਕੀਤੀ ਜਾਂਦੀ ਹੈ ਕਿ ਰੀ–ਸਰਕੂਲੇਟ ਸਿਸਟਮ ਦੇ ਮਾਮਲੇ ਵਿੱਚ ਰਿਟਰਨ ਏਅਰ ਸਰਕੂਲੇਸ਼ਨ ਨੂੰ ਸੀਮਿਤ ਕੀਤਾ ਜਾਵੇ। ਇਸ ਰਿਟਰਨ ਏਅਰ ਸਿਸਟਮ ਨੂੰ ਐਗਜ਼ਾਸਟ ਸਿਸਟਮ ਵਿੱਚ ਬਦਲਿਆ ਜਾ ਸਕਦਾ ਹੈ।

**ਸੈਕਸ਼ਨ– ੲ : ਸਿਹਤ ਸੰਸਥਾਵਾਂ (ਹੈਲਥ ਕੇਅਰ ਫੈਸਲੀਟੀਜ਼)**

1. ਸਿਹਤ ਸੰਸਥਾਵਾਂ ਵਿੱਚ ਖ਼ਾਸ ਤੌਰ ਤੇ ਕੋਵਿਡ–19 ਵਾਰਡਾਂ ਜਾਂ ਆਈਸੋਲੇਸ਼ਨ ਸੈਂਟਰਾਂ ਵਿੱਚ ਸੰਕਰਮਣ ਫ਼ੈਲਣ ਦਾ ਖ਼ਤਰਾ ਜ਼ਿਆਦਾ ਰਹਿੰਦਾ ਹੈ।

2. ਇਸ ਲਈ ਸਲਾਹ ਦਿੱਤੀ ਜਾਂਦੀ ਹੈ ਕਿ ਇਨ੍ਹਾਂ ਖੇਤਰਾਂ ਵਿੱਚ ਬਾਕੀ ਸਾਰੇ ਹਸਪਤਾਲ ਜਾਂ ਬਿਲਡਿੰਗ ਨਾਲੋਂ ਏਅਰ ਕੰਡੀਸ਼ਨਿੰਗ ਸਿਸਟਮ ਵੱਖਰਾ ਹੋਵੇ ਤਾਂ ਜੋ ਸੰਭਾਵਿਤ ਸੰਕ੍ਰਮਿਤ ਹਵਾ ਜਾਂ ਛਿੱਟਿਆਂ ਨੂੰ ਫੈਲਣ ਤੋਂ ਰੋਕਿਆ ਜਾ ਸਕੇ।

3. ਉਹ ਕੁਝ ਥਾਵਾਂ ਜਿਥੇ ਵੱਖਰੀ ਏਅਰ ਕੰਡੀਸ਼ਨਿੰਗ ਨਹੀਂ ਕੀਤੀ ਜਾ ਸਕਦੀ। ਉਥੇ ਇਕੱਠੀ ਹੋਈ ਬਾਹਰ ਜਾਣ ਵਾਲੀ ਹਵਾ (exhaust air) ਵਿੱਚ ਸੰਕ੍ਰਮਿਤ ਰੋਗਾਣੂ ਹੋਣ ਦੀ ਸੰਭਾਵਨਾ ਰਹਿੰਦੀ ਹੈ ਅਤੇ ਇਸ ਲਈ ਉਪਯੁਕਤ ਤਕਨੀਕ ਦੀ ਵਰਤੋਂ ਕਰਕੇ ਸੰਕ੍ਰਮਣ ਨੂੰ ਫੈਲਣ ਦੇ ਖ਼ਤਰੇ ਤੋਂ ਬਚਾਅ ਕੀਤਾ ਜਾ ਸਕਦਾ ਹੈ। ਕੋਵਿਡ–19 ਪ੍ਰਭਾਵਿਤ ਮਰੀਜ ਦੇ ਕਮਰੇ ਦੀ ਐਗਜ਼ਾਸਟ ਹਵਾ ਦਾ ਟਰੀਟਮੈਂਟ, ਹੈਪਾ–ਫਿਲਟਰੇਸ਼ਨ ਜਾਂ ਕੈਮੀਕਲ ਡਿਸਇਨਫੈਕਸ਼ਨ ਨਾਲ ਕੀਤਾ ਜਾ ਸਕਦਾ ਹੈ, ਹਵਾ ਦੀ ਬਬਲਿੰਗ ਕਰਨ ਲਈ ਗੈਰ ਧਾਤੂ ਮਟੀਰੀਅਲ ਵਾਲੇ **ਡਿਫਿਊਜ਼ਡ ਏਅਰ ਏਰੀਏਟਰ ਟੈਂਕ** ਦਾ ਇਸਤੇਮਾਲ ਕੀਤਾ ਜਾ ਸਕਦਾ ਹੈ, ਜਿਸ ਵਿੱਚ 1 ਪ੍ਰਤੀਸ਼ਤ ਸੋਡੀਅਮ ਹਾਈਪੋਕਲੋਰਾਈਟ ਸੋਲਿਊਸ਼ਨਸ ਦੀ ਵਰਤੋਂ ਕੀਤੀ ਜਾਵੇ।

4. ਐਗਜ਼ਾਸਟ ਹਵਾ ਦਾ ਟਰੀਟਮੈਂਟ ਕਰਨ ਲਈ ਇਸ ਨੂੰ 45 ਮਿੰਟ ਤੱਕ 75 ਡਿਗਰੀ ਸੈਲਸੀਅਸ ਤਾਪਮਾਨ ਵਿੱਚ ਲਿਆ ਕੇ ਵੀ SARS-CoV ਦੇ ਪ੍ਰਭਾਵ ਨੂੰ ਘੱਟ ਕੀਤਾ ਜਾ ਸਕਦਾ ਹੈ।

5. ਇਸੇ ਤਰ੍ਹਾਂ ਯੂਵੀਸੀ SARS-CoV (254 nm wavelength) ਇੱਕ ਰੇਡੀਏਸ਼ਨ ਦੀ 4016 $\mu W/Cm^2$ ਇੱਕ ਰੈਡੀਏਸ਼ਨ ਇਨਟੈਂਸਿਟੀ ਦੀ 15 ਮਿੰਟ ਵਰਤੋਂ ਨਾਲ SARS-CoV ਪ੍ਰਭਾਵ ਪੂਰੀ ਤਰ੍ਹਾਂ ਖ਼ਤਮ ਹੋ ਜਾਂਦਾ ਹੈ।

6. ਐਗਜ਼ਾਸਟ ਸਿਸਟਮ ਵਿੱਚ ਐਕਟਿਵ ਵਾਇਰਲ ਪਾਰਟੀਕਲ ਮੌਜੂਦ ਹੋਣ ਦੀ ਸੰਭਾਵਨਾ ਦੇ ਚੱਲਦੇ ਇਹ ਸਿਫਾਰਿਸ਼ ਕੀਤੀ ਜਾਂਦੀ ਹੈ ਕਿ ਐਗਜ਼ਾਸਟ ਸਿਸਟਮ ਦੀ ਮੈਂਟੀਨੈਂਸ ਦੇ ਸਮੇਂ ਉਪਯੁਕਤ ਨਿੱਜੀ ਅਤੇ ਵਾਤਾਵਰਣ ਸੁਰੱਖਿਆ ਨਿਯਮਾਵਲੀ ਦੀ ਪਾਲਣਾ ਕੀਤੀ ਜਾਵੇ।

7. ਕੋਵਿਡ–19 ਦੇ ਕਣਾਂ ਤੋਂ ਬਚਾਅ ਲਈ ਸੀਮਿਤ ਸਰੋਤਾਂ ਵਾਲੇ ਸਥਾਨਾਂ ਤੇ ਆਈਸੋਲੇਸ਼ਨ ਲਈ ਕੁਝ ਅਸਥਾਈ ਦੀਵਾਰਾਂ ਬਣਾ ਕੇ ਸੁਰੱਖਿਆ ਪ੍ਰਦਾਨ ਕੀਤੀ ਜਾ ਸਕਦੀ ਹੈ। ਇਹ ਅਸਥਾਈ ਢਾਂਚੇ ਵਾਲੇ ਟੈਂਟ ਜਾਂ ਕਿਊਬੀਕਲ (ਪਲਾਸਟਿਕ ਜਾਂ ਧਾਤੂ) ਨੂੰ ਪਲਾਸਟਿਕ ਸ਼ੀਟ ਜਾਂ ਕੈਨਵਸ ਕਵਰ ਦਾ ਇਸਤੇਮਾਲ ਕਰਕੇ ਬਣਾਇਆ ਜਾ ਸਕਦਾ ਹੈ।

8. ਏਕਾਂਤਵਾਸ ਕੇਂਦਰ ਹਵਾਦਾਰ ਹੋਣੇ ਚਾਹੀਦੇ ਹਨ ਅਤੇ ਨੈਗੇਟਿਵ ਜਾਂ ਨਿਉਟ੍ਰਲ ਪ੍ਰੈਸ਼ਰ ਤੇ ਮੈਂਟੇਨ ਹੋਣੇ ਚਾਹੀਦੇ ਹਨ। ਜਦੋਂ ਮਕੈਨੀਕਲ ਵੈਂਟੀਲੇਸ਼ਨ ਦੀ ਵਰਤੋਂ ਕੀਤੀ ਜਾਵੇ ਤਾਂ ਇੱਕ ਵਾਰ ਵਰਤੋਂ ਵਾਲਾ (once through - non recalculating system) ਹੋਣਾ ਚਾਹੀਦਾ ਹੈ, ਜੋ ਕਿ ਸਾਫ਼ ਤੋਂ ਗੰਦੀ (ਮਰੀਜਾਂ ਵੱਲ ਸਾਫ਼ ਅਤੇ ਐਗਜ਼ਾਸਟ ਵੱਲ ਗੰਦੀ) ਹਵਾ ਲੈ ਜਾਣ ਦੇ ਵਹਾਅ ਦੇ ਤਰੀਕੇ ਅਨੁਸਾਰ ਕੰਮ ਵਿੱਚ ਲਿਆਂਦਾ ਜਾਵੇ।

9. ਯੂਨਿਟਾਂ ਦਾ ਬਚਾਅ ਮੈਨੂਫੈਕਚਰਰ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਕੀਤੀ ਜਾਵੇ। ਜਿਸ ਵਿੱਚ ਡਿਸਇਨਫੈਕਸ਼ਨ ਅਤੇ ਸਫ਼ਾਈ ਹੇਠ ਲਿਖੇ ਅਨੁਸਾਰ ਕੀਤੀ ਜਾਵੇ।

- **ਫਿਲਟਰ ਗਰਿਲਾਂ, ਡਿਫਿਊਜ਼ਰਜ਼ ਅਤੇ ਅੰਦਰੂਨੀ ਸਤਿਹਾਂ (Surface)** – ਇਹ ਸਿਫਾਰਿਸ਼ ਕੀਤੀ ਜਾਂਦੀ ਹੈ ਕਿ 5 ਪ੍ਰਤੀਸ਼ਤ ਕ੍ਰੀਸੋਲ ਘੋਲ (50 ਪ੍ਰਤੀਸ਼ਤ ਕ੍ਰੀਸੋਲ ਅਤੇ 50 ਪ੍ਰਤੀਸ਼ਤ ਤਰਲ ਸਾਬਣ ਦੇ ਘੋਲ ਵਾਲਾ) ਦਾ ਇਸਤੇਮਾਲ ਡਿਸਇਨਫੈਕਸ਼ਨ ਲਈ ਕੀਤਾ ਜਾਵੇ। ਇਸ 1 ਲੀਟਰ ਘੋਲ ਨੂੰ 9 ਲੀਟਰ ਪਾਣੀ ਵਿੱਚ ਮਿਲਾਇਆ ਜਾਵੇ। ਸਤਿਹਾਂ (Surface) ਤੇ ਇਸ ਘੋਲ ਦਾ ਸਪਰੇਅ ਕੀਤਾ ਜਾਵੇ ਅਤੇ 10 ਮਿੰਟ ਲਈ ਛੱਡਣ ਤੋਂ ਬਾਅਦ ਪਾਣੀ ਨਾਲ ਧੋਤਾ ਜਾਂ ਕੱਪੜੇ ਨਾਲ ਸਾਫ਼ ਕੀਤਾ ਜਾਵੇ। ਇਹ ਤਕਨੀਕ ਸਿਰਫ਼ ਧੋਤੇ ਜਾਣ ਵਾਲੇ ਫਿਲਟਰਾਂ (washable filters) ਲਈ ਹੈ।
- **ਕੰਡੈਨਸੇਟ ਡਰੇਨ ਪੈਨ** – ਕੰਡੈਨਸੈੱਟ ਡਰੇਨ ਪੈਨ ਦੀ ਡਿਸਇਨਫੈਕਸ਼ਨ / ਟਰੀਟਮੈਂਟ ਯੂਵੀ ਤਕਨੀਕ ਨਾਲ ਜਾਂ 1 ਪ੍ਰਤੀਸ਼ਤ ਸੋਡੀਅਮ ਹਾਈਪੋਕੋਲੋਰਾਈਟ ਨਾਲ ਕਰਨ ਦੀ ਸਿਫਾਰਿਸ਼ ਕੀਤੀ ਜਾਂਦੀ ਹੈ। ਇਹ ਸਿਰਫ਼ ਉਸ ਸਮੇਂ ਹੀ ਵਰਤੋਂ ਵਿੱਚ ਆਵੇਗਾ, ਜੇਕਰ HVAC ਉਪਕਰਣ ਰੀ–ਸਰਕਲ ਮੋਡ ਤੇ ਕੰਮ ਕਰ ਰਿਹਾ ਹੈ।
- **ਕੁਆਇਲਸ** – ਕੁਆਇਲਸ ਦੀ ਸਫ਼ਾਈ ਲਈ ਨਿਰਧਾਰਿਤ ਸਿਫਾਰਿਸ਼ਾਂ ਦੀ ਪਾਲਣਾ ਕੀਤੀ ਜਾਵੇ ਅਤੇ ਉਪਰ ਦਰਸਾਏ ਫਿਲਟਰ ਸਾਫ਼ ਕਰਨ ਵਾਲੇ ਤਰੀਕਿਆਂ ਅਨੁਸਾਰ ਸੈਨੀਟਾਈਜ਼ ਕੀਤਾ ਜਾਵੇ।
- ਤਾਜ਼ੀ ਹਵਾ ਅਤੇ ਵੈਂਟੀਲੇਸ਼ਨ ਸਿਸਟਮਾਂ ਨੂੰ ਆਫ ਸਾਈਕਲ ਦੌਰਾਨ ਚੱਲਦਾ ਰੱਖਿਆ ਜਾਵੇ ਅਤੇ ਛੁੱਟੀ ਜਾਂ ਹਫ਼ਤੇ ਦੇ ਅੰਤਿਮ ਦਿਨ ਨੂੰ ਏਅਰ ਸਰਕੂਲੇਸ਼ਨ ਮੋਡ ਵਿੱਚ ਰੱਖਿਆ ਜਾਵੇ।

**ਸੈਕਸ਼ਨ–ਸ : ਦਫ਼ਤਰ**

1. ਦਫ਼ਤਰਾਂ ਵਿੱਚ ਗਰਮੀ ਦੇ ਮੌਸਮ ਵਿੱਚ ਵੱਖ–ਵੱਖ ਤਰ੍ਹਾਂ ਦੀ ਏਅਰ ਕੰਡੀਸ਼ਨਿੰਗ ਵਰਤੀ ਜਾਂਦੀ ਹੈ, ਜਿਵੇਂ ਕਿ ਵਿੰਡੋ/ਸਪਲਿਟ ਏਅਰ ਕੰਡੀਸ਼ਨਰ/ਸੈਂਟਰਲ ਏਅਰ ਕੰਡੀਸ਼ਨਰ/ਕੂਲਰ ਆਦਿ। ਮੈਨੇਜਮੈਂਟ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਆਪਣੇ ਦਫ਼ਤਰ ਵਿੱਚ ਵਰਤੀ ਜਾਣ ਵਾਲੀ ਏਅਰ ਕੰਡੀਸ਼ਨਿੰਗ ਤਕਨੀਕ ਅਨੁਸਾਰ ਇਸ ਐਡਵਾਈਜ਼ਰੀ ਵਿੱਚ ਸੰਬੰਧਿਤ ਸੈਕਸ਼ਨ ਵਿੱਚ ਦਰਸਾਏ ਦਿਸ਼ਾ–ਨਿਰਦੇਸ਼ਾਂ ਦੀ ਪਾਲਣਾ ਕਰਨ।

**ਸਕੱਤਰ ਸਿਹਤ ਅਤੇ**
**ਮਿਸ਼ਨ ਡਾਇਰੈਕਟਰ, ਐਨਐਚਐਮ, ਪੰਜਾਬ।**

ਨੰ. 3137 (ਆਰ) – 3138 (ਆਰ) ਮਿਤੀ, ਚੰਡੀਗੜ੍ਹ, 24 ਅਪ੍ਰੈਲ 2020

ਉਤਾਰਾ :–

1. ਓਐਸਡੀ ਟੂ ਮੁੱਖ ਸਕੱਤਰ, ਪੰਜਾਬ ਨੂੰ ਮਾਣਯੋਗ ਮੁੱਖ ਸਕੱਤਰ ਜੀ ਦੀ ਜਾਣਕਾਰੀ ਹਿੱਤ।
2. ਪੀਐਸ ਟੂ ਪ੍ਰਮੁੱਖ ਸਕੱਤਰ (ਸਿਹਤ), ਪੰਜਾਬ ਨੂੰ ਪ੍ਰਮੁੱਖ ਸਕੱਤਰ ਸਿਹਤ ਜੀ ਦੀ ਜਾਣਕਾਰੀ ਹਿੱਤ।

**ਸਕੱਤਰ ਸਿਹਤ ਅਤੇ**
**ਮਿਸ਼ਨ ਡਾਇਰੈਕਟਰ, ਐਨਐਚਐਮ, ਪੰਜਾਬ।**

ਨੰ. 3139 (ਆਰ) - 3145 (ਆਰ) ਮਿਤੀ, ਚੰਡੀਗੜ੍ਹ, 24 ਅਪ੍ਰੈਲ 2020

ਉਤਾਰਾ :–

1. ਕਮਿਸ਼ਨਰ, ਐਫਡੀਏ, ਪੰਜਾਬ ਜੀ ਨੂੰ ਜਾਣਕਾਰੀ ਹਿੱਤ।
2. ਮੈਨੇਜਿੰਗ ਡਾਇਰੈਕਟਰ, ਪੀਐਚਐਸਸੀ ਜੀ ਨੂੰ ਜਾਣਕਾਰੀ ਹਿੱਤ।
3. ਕਮਿਸ਼ਨਰ ਆਯੂਸ਼ ਕਮ ਪ੍ਰੋਜੈਕਟ ਡਾਇਰੈਕਟਰ, ਪੰਜਾਬ ਸਟੇਟ ਏਡਜ਼ ਕੰਟਰੋਲ ਸੁਸਾਇਟੀ ਜੀ ਨੂੰ ਜਾਣਕਾਰੀ ਹਿੱਤ।
4. ਡਾਇਰੈਕਟਰ ਸਿਹਤ ਸੇਵਾਵਾਂ, ਪੰਜਾਬ ਜੀ ਨੂੰ ਜਾਣਕਾਰੀ ਹਿੱਤ।
5. ਡਾਇਰੈਕਟਰ ਸਿਹਤ ਸੇਵਾਵਾਂ (ਪਰਿਵਾਰ ਭਲਾਈ), ਪੰਜਾਬ ਜੀ ਨੂੰ ਜਾਣਕਾਰੀ ਹਿੱਤ।
6. ਡਾਇਰੈਕਟਰ (ਈਐਸਆਈ), ਪੰਜਾਬ ਜੀ ਨੂੰ ਜਾਣਕਾਰੀ ਹਿੱਤ।
7. ਸਮੂਹ ਸਿਵਲ ਸਰਜਨ, ਪੰਜਾਬ ਨੂੰ ਜਾਣਕਾਰੀ ਤੇ ਯੋਗ ਕਾਰਵਾਈ ਹਿੱਤ।

**ਸਟੇਟ ਪ੍ਰੋਗਰਾਮ ਅਫ਼ਸਰ (ਆਈਈਸੀ)**
**ਐਨਐਚਐਮ, ਪੰਜਾਬ।**